ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 2 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੬ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਮੁੱਖ ਮੰਤਰੀ ਮਾਨ ਨੂੰ ਜਾਪਾਨ ਜਾਣ ਦੀ ਨਹੀਂ ਮਿਲੀ ਇਜਾਜ਼ਤ, ਹਾਕੀ ਦਾ ਮੈਚ ਵੇਖਣ ਲਈ ਕੇਂਦਰ ਤੋਂ ਮੰਗੀ ਸੀ ਮਨਜ਼ੂਰੀ

**ਚੰਡੀਗੜ੍ਹ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਕੇਂਦਰ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ



ਨੂੰ ਜਾਪਾਨ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਮੁੱਖ ਮੰਤਰੀ ਮਾਨ ਨੇ ਏਸ਼ੀਅਨ ਗੇਮਜ਼ ਵਿਚ ਹਾਕੀ ਦਾ ਫ਼ਾਈਨਲ ਮੁਕਾਬਲਾ ਵੇਖਣ ਲਈ ਜਾਪਾਨ ਜਾਣਾ ਸੀ, ਜਿਸ ਲਈ ਮੁੱਖ ਮੰਤਰੀ ਦਫ਼ਤਰ ਵੱਲੋਂ ਬਾਕਾਇਦਾ ਕੇਂਦਰ ਤੋਂ ਪਾਲੀਟਿਕਲ ਕਲੀਅਰੈਂਸ ਮੰਗੀ ਗਈ ਸੀ, ਪਰ ਕੇਂਦਰ ਵੱਲੋਂ ਇਹ ਮਨਜ਼ੂਰੀ ਨਹੀਂ ਦਿੱਤੀ ਗਈ। ਆਮ ਆਦਮੀ ਪਾਰਟੀ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਹੈ। ਇਕ ਪ੍ਰੈੱਸ ਕਾਨਫ਼ਰੰਸ ਦੌਰਾਨ ਪਾਰਟੀ ਆਗੂ ਨੇ ਦੱਸਿਆ ਕਿ ਕੇਂਦਰ ਵੱਲੋਂ ਮੁੱਖ ਮੰਤਰੀ ਮਾਨ ਨੂੰ ਜਾਪਾਨ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਇਸ ਪਿੱਛੇ ਸੁਰੱਖਿਆ ਕਾਰਨਾਂ ਦਾ ਹਵਾਲਾ ਦਿੱਤਾ ਗਿ ਹੈ। ਦੱਸ ਦਈਏ ਕਿ ਜੇਕਰ ਦੇਸ਼ ਦੇ ਕਿਸੇ ਵੀ ਸੂਬੇ ਦੇ ਮੁੱਖ ਮੰਤਰੀ ਨੇ ਵਿਦੇਸ਼ ਜਾਣਾ ਹੋਵੇ ਤਾਂ ਉਸ ਨੂੰ ਪ੍ਰੋਟੋਕੋਲ ਮੁਤਾਬਕ ਗ੍ਰਹਿ ਮੰਤਰਾਲੇ ਤੋਂ ਇਜਾਜ਼ਤ ਲੈਣੀ ਪੈਂਦੀ ਹੈ, ਤਾਂ ਦੋਹਾਂ ਦੇਸ਼ਾਂ ਦੀਆਂ ਸਰਕਾਰਾਂ ਇਸ ਸਬੰਧੀ ਤਾਲਮੇਲ ਕਰ ਕੇ ਸੁਰੱਖਿਆ ਤੇ ਹੋਰ ਲੋੜੀਂਦੇ ਪ੍ਰਬੰਧਾਂ ਬਾਰੇ ਲੋੜੀਂਦੀ ਤਿਆਰੀ ਕਰ ਸਕਣ।

## ਦਿੱਲੀ ਹਾਈ ਕੋਰਟ ਦੇ ਹੁਕਮਾਂ ਮਗਰੋਂ

# ਜਗਤਾਰ ਸਿੰਘ ਜੱਗੀ ਜੌਹਲ ਤਿਹਾੜ ਜੇਲ੍ਹ ਤੋਂ ਰਿਹਾਅ

**ਨਵੀਂ ਦਿੱਲੀ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਹਾਈ ਕੋਰਟ ਦੇ ਹੁਕਮਾਂ ਮਗਰੋਂ ਜਗਤਾਰ ਸਿੰਘ ਜੱਗੀ ਜੌਹਲ ਨੂੰ ਤਿਹਾੜ ਜੇਲ੍ਹ ਤੋਂ ਰਿਹਾਅ ਕਰ ਦਿੱਤਾ ਗਿਆ। ਇਹ ਜਾਣਕਾਰੀ ਪੰਜਾਬ ਲਾਇਰਜ਼ ਦੇ ਮੁਖੀ ਅਤੇ ਐਡਵੋਕੇਟ ਜਸਪਾਲ ਸਿੰਘ ਮੰਝਪੁਰ ਵੱਲੋਂ ਜਾਰੀ ਕੀਤੇ ਬਿਆਨ ਵਿੱਚ ਦਿੱਤੀ ਗਈ ਹੈ। ਐਡਵੋਕੇਟ ਮੰਝਪੁਰ ਅਨੁਸਾਰ, ਦਿੱਲੀ ਹਾਈ ਕੋਰਟ ਨੇ ਜਗਤਾਰ ਸਿੰਘ ਜੱਗੀ ਜੌਹਲ ਨੂੰ 18 ਸਤੰਬਰ 2026 ਨੂੰ ਜ਼ਮਾਨਤ ਦੇ ਦਿੱਤੀ ਸੀ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਜ਼ਮਾਨਤ ਸਬੰਧੀ ਕਾਰਵਾਈ ਪੂਰੀ ਕੀਤੀ ਗਈ ਅਤੇ ਜ਼ਮਾਨਤਾਂ ਦੀ ਤਸਦੀਕ ਹੋਣ ਉਪਰੰਤ ਐਨਆਈਏ ਦੀ ਵਿਸ਼ੇਸ਼ ਅਦਾਲਤ ਵੱਲੋਂ ਤਿਹਾੜ ਜੇਲ੍ਹ ਨੰਬਰ 5 ਨੂੰ ਰਿਹਾਈ ਦੇ ਹੁਕਮ ਭੇਜੇ ਗਏ। ਜਾਰੀ ਬਿਆਨ ਮੁਤਾਬਕ, ਜੇਲ੍ਹ ਪ੍ਰਸ਼ਾਸਨ ਵੱਲੋਂ ਕੇਂਦਰ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਕਥਿਤ ਤੌਰ 'ਤੇ ਜਾਰੀ ਨੋਟੀਫਿਕੇਸ਼ਨ ਅਤੇ ਫੌਜਦਾਰੀ ਪ੍ਰਕਿਰਿਆ ਸੰਹਿਤਾ ਦੀ ਧਾਰਾ 268 ਦਾ ਹਵਾਲਾ ਦਿੰਦਿਆਂ ਜੌਹਲ ਨੂੰ ਤੁਰੰਤ ਰਿਹਾਅ ਕਰਨ ਤੋਂ ਇਨਕਾਰ ਕੀਤਾ ਗਿਆ। ਇਸ ਤੋਂ ਬਾਅਦ ਰਿਹਾਈ ਸਬੰਧੀ ਮਾਮਲਾ ਐਨਆਈਏ ਦੀ ਵਿਸ਼ੇਸ਼ ਅਦਾਲਤ ਦੇ ਸਾਹਮਣੇ ਰੱਖਿਆ ਗਿਆ। ਬਿਆਨ ਵਿੱਚ ਕਿਹਾ ਗਿਆ ਹੈ ਕਿ ਇਸ ਮਾਮਲੇ ਦੀ ਅਗਲੀ ਸੁਣਵਾਈ ਲਈ 6 ਅਕਤੂਬਰ ਦੀ ਤਾਰੀਖ ਨਿਰਧਾਰਤ ਕੀਤੀ ਗਈ ਸੀ। ਇਸ ਦੌਰਾਨ ਜਗਤਾਰ ਸਿੰਘ ਜੱਗੀ ਜੌਹਲ ਵੱਲੋਂ ਆਪਣੀ



ਕਥਿਤ ਗੈਰ-ਕਾਨੂੰਨੀ ਹਿਰਾਸਤ ਨੂੰ ਚੁਣੌਤੀ ਦਿੰਦਿਆਂ ਦਿੱਲੀ ਹਾਈ ਕੋਰਟ ਵਿੱਚ ਬੰਦੀ ਪ੍ਰਤੱਖੀਕਰਨ ਰਿੱਟ ਪਟੀਸ਼ਨ ਦਾਇਰ ਕੀਤੀ ਗਈ। ਐਡਵੋਕੇਟ ਮੰਝਪੁਰ ਦੇ ਅਨੁਸਾਰ, ਇਸ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਜਸਟਿਸ ਨਵੀਨ ਚਾਵਲਾ ਦੀ ਅਦਾਲਤ ਨੇ ਸਬੰਧਤ ਧਿਰਾਂ ਨੂੰ ਨਿਰਦੇਸ਼ ਦਿੱਤੇ ਅਤੇ ਜੌਹਲ ਨੂੰ ਰਿਹਾਅ ਕਰਨ ਲਈ ਸਮਾਂ-ਸੀਮਾ ਤੈਅ ਕੀਤੀ। ਬਿਆਨ ਮੁਤਾਬਕ ਅਦਾਲਤ ਨੇ ਹੁਕਮ ਦਿੱਤਾ ਕਿ ਜਗਤਾਰ ਸਿੰਘ ਜੌਹਲ ਨੂੰ 1 ਅਕਤੂਬਰ ਨੂੰ ਦੁਪਹਿਰ 2:30 ਵਜੇ ਤੱਕ ਰਿਹਾਅ ਕੀਤਾ ਜਾਵੇ, ਨਹੀਂ ਤਾਂ ਅਦਾਲਤ ਵੱਲੋਂ ਅਗਲਾ ਹੁਕਮ ਜਾਰੀ ਕੀਤਾ ਜਾਵੇਗਾ। ਇਸ ਤੋਂ ਬਾਅਦ ਜਗਤਾਰ ਸਿੰਘ ਜੱਗੀ ਜੌਹਲ ਨੂੰ ਤਿਹਾੜ ਜੇਲ੍ਹ ਤੋਂ ਰਿਹਾਅ ਕਰ ਦਿੱਤਾ ਗਿਆ। ਵਕੀਲ ਵੱਲੋਂ ਜਾਰੀ ਬਿਆਨ ਵਿੱਚ ਇਸ ਰਿਹਾਈ ਨੂੰ ਲੰਬੀ ਕਾਨੂੰਨੀ ਕਾਰਵਾਈ ਤੋਂ ਬਾਅਦ ਹੋਇਆ ਮਹੱਤਵਪੂਰਨ ਵਿਕਾਸ ਦੱਸਿਆ ਗਿਆ ਹੈ। ਜਗਤਾਰ ਸਿੰਘ ਜੱਗੀ ਜੌਹਲ ਨਾਲ ਸਬੰਧਤ ਮਾਮਲਾ ਪਿਛਲੇ ਕਈ ਸਾਲਾਂ ਤੋਂ ਕਾਨੂੰਨੀ ਅਤੇ ਜਨਤਕ ਚਰਚਾ ਵਿੱਚ ਰਿਹਾ ਹੈ। ਉਨ੍ਹਾਂ ਖ਼ਿਲਾਫ਼ ਕੌਮੀ ਜਾਂਚ ਏਜੰਸੀ ਨਾਲ ਸਬੰਧਤ ਮਾਮਲਿਆਂ ਵਿੱਚ ਕਾਰਵਾਈ ਹੋਈ ਸੀ ਅਤੇ ਉਹ ਤਿਹਾੜ ਜੇਲ੍ਹ ਵਿੱਚ ਬੰਦ ਸਨ। ਉਨ੍ਹਾਂ ਦੇ ਵਕੀਲਾਂ ਵੱਲੋਂ ਵੱਖ-ਵੱਖ ਅਦਾਲਤਾਂ ਵਿੱਚ ਜ਼ਮਾਨਤ ਅਤੇ ਹਿਰਾਸਤ ਨਾਲ ਸਬੰਧਤ ਕਾਨੂੰਨੀ ਕਾਰਵਾਈ ਕੀਤੀ ਜਾਂਦੀ ਰਹੀ ਹੈ।

## ਐਲਪੀਯੂ ਮਾਮਲਾ : ਪੁਲਸ ਨੇ 3 ਮੁਲਜ਼ਮ ਕੀਤੇ ਗ੍ਰਿਫ਼ਤਾਰ, ਮੁੰਬਈ ਨਾਲ ਜੁੜੇ ਤਾਰ

**ਜਲੰਧਰ/ਫਗਵਾੜਾ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਲਵਲੀ ਪ੍ਰੋਫੈਸ਼ਨਲ ਹਿੰਸਾ ਮਾਮਲੇ 'ਚ ਪੁਲਸ ਨੇ ਵੱਡੀ ਕਾਰਵਾਈ ਕੀਤੀ ਹੈ। ਇਸ ਮਾਮਲੇ ਵਿਚ ਪੁਲਸ ਨੇ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਜਾਣਕਾਰੀ ਮੁਤਾਬਕ ਤਿੰਨੋਂ ਮੁਲਜ਼ਮ ਯੂਨੀਵਰਸਿਟੀ 'ਚ ਭੰਨਤੋੜ 'ਚ ਸ਼ਾਮਲ ਸਨ। ਮਾਮਲੇ ਦੀ ਜਾਂਚ ਲਈ ਦੋ ਵਿਸ਼ੇਸ਼ ਜਾਂਚ ਟੀਮਾਂ (ਐੱਸ.ਆਈ.ਟੀ) ਬਣਾਈਆਂ ਗਈਆਂ ਹਨ। ਮੁਲਜ਼ਮਾਂ 'ਚੋਂ ਇਕ ਫਗਵਾੜਾ ਦੇ ਟਿੱਬੀ ਮੁਹੱਲੇ ਦਾ ਰਹਿਣ ਵਾਲਾ 20 ਸਾਲਾ ਗਗਨ ਸ਼ਾਮਲ ਹੈ। ਸੂਤਰਾਂ ਤੋਂ ਪਤਾ ਚੱਲਦਾ ਹੈ ਕਿ ਪੁਲਸ ਇਕ ਮੁਲਜ਼ਮ ਨੂੰ ਮੁੰਬਈ ਤੋਂ ਲੈ ਕੇ ਆਈ ਹੈ। ਉਥੇ ਹੀ ਪੁਲਸ ਨੇ ਜਾਂਚ ਲਈ 163, 105 ਅਤੇ 106 ਨੰਬਰ ਦੀਆਂ ਐੱਫ਼. ਆਈ. ਆਰ. ਦੀ ਜਾਂਚ ਲਈ ਇਕ ਵੱਖਰੀ ਐੱਸ. ਆਈ. ਟੀ. ਬਣਾਈ ਗਈ ਹੈ। ਇਕ ਐੱਸ. ਆਈ. ਟੀ. ਯੂਨੀਵਰਸਿਟੀ ਅਤੇ ਨੇੜਲੇ ਇਲਾਕਿਆਂ ਦੇ ਸੀ.ਸੀ.ਟੀ.ਵੀ. ਕੈਮਰੇ ਅਤੇ ਡਿਜੀਟਲ ਐਵੀਡੈਂਸ ਇਕੱਠੇ ਕਰਨ ਵਿਚ ਜੁਟੀ ਹੋਈ ਹੈ। ਮਾਮਲੇ ਦੀ ਜਾਣਕਾਰੀ ਦਿੰਦੇ ਹੋਏ ਗਗਨ ਦੇ ਮਾਮੇ ਨੇ ਦੱਸਿਆ ਕਿ ਪੁਲਸ ਉਸ ਨੂੰ ਕਿਸ ਮਾਮਲੇ ਵਿਚ ਲੈ ਕੇ ਆਈ ਹੈ, ਇਸ ਬਾਰੇ ਕੁਝ ਨਹੀਂ ਦੱਸ ਰਹੀ ਹੈ। ਗਗਨ ਕੱਲ੍ਹ ਤੋਂ ਲਾਪਤਾ ਹੈ। ਗਗਨ ਨੇ ਅਦਾਲਤ 'ਚ ਪੇਸ਼ੀ ਤੋਂ ਪਹਿਲਾਂ ਉਨ੍ਹਾਂ ਨੂੰ ਫੋਨ ਕਰਕੇ ਸੂਚਿਤ ਕੀਤਾ। ਫਿਰ ਉਹ ਅਦਾਲਤ ਪਹੁੰਚੇ ਅਤੇ ਪੁਲਸ ਨੂੰ ਗਗਨ ਦੀ ਗ੍ਰਿਫ਼ਤਾਰੀ ਬਾਰੇ ਪੁੱਛਗਿੱਛ ਕੀਤੀ ਪਰ ਪੁਲਸ ਕੋਈ ਵੀ ਵੇਰਵਾ ਦੇਣ ਤੋਂ ਇਨਕਾਰ ਕਰ ਰਹੀ ਸੀ। ਮਾਮੇ ਨੇ ਦੱਸਿਆ ਕਿ ਗਗਨ ਵਿਰੁੱਧ ਪਹਿਲਾਂ ਕੋਈ ਕੇਸ ਦਰਜ ਨਹੀਂ ਹੈ। ਪਰਿਵਾਰ ਦੇ ਮੁਤਾਬਕ ਗਗਨ ਡੋਮੀਨੋਜ਼ 'ਚ ਡਿਲੀਵਰੀ ਬੁਆਏ ਵਜੋਂ ਕੰਮ ਕਰਦਾ ਹੈ ਅਤੇ ਡੇਢ ਮਹੀਨਾ ਪਹਿਲਾਂ ਹੀ ਕੰਮ ਕਰਨ ਲੱਗਾ ਸੀ। ਇਸ ਲਈ ਪਰਿਵਾਰ ਗਗਨ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਬਹੁਤ ਚਿੰਤਤ ਹੈ। ਇਸ ਦੌਰਾਨ ਸਤਨਾਮਪੁਰਾ ਪੁਲਸ ਸਟੇਸ਼ਨ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਨੇ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਪਰ ਜਾਂਚ ਅਧਿਕਾਰੀ ਨੇ ਗ੍ਰਿਫ਼ਤਾਰੀ ਦਾ ਕੋਈ ਵੇਰਵਾ ਨਹੀਂ ਦਿੱਤਾ ਅਤੇ ਮੀਡੀਆ ਕੈਮਰਿਆਂ ਤੋਂ ਬਚ ਕੇ ਚਲੇ ਗਏ।

## ਬੇਅਦਬੀ ਕਾਨੂੰਨ 'ਤੇ ਸਰਕਾਰ ਵੱਲੋਂ 7 ਮੈਂਬਰੀ ਕਮੇਟੀ ਗਠਿਤ, ਜਥੇਦਾਰ ਗੜਗੱਜ ਨੂੰ ਚਿੱਠੀ ਰਾਹੀਂ ਦਿੱਤੀ ਜਾਣਕਾਰੀ

**ਚੰਡੀਗੜ੍ਹ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ 'ਜਾਗਤ ਜੋਤਿ ਸ੍ਰੀ



ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ-2026' (ਬੇਅਦਬੀ ਕਾਨੂੰਨ) ਨੂੰ ਲੈ ਕੇ 7 ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ। ਸਰਕਾਰ ਨੇ ਬੁੱਧਵਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਪੱਤਰ ਭੇਜ ਕੇ ਇਸ ਕਮੇਟੀ ਦੇ ਗਠਨ ਬਾਰੇ ਜਾਣਕਾਰੀ ਦਿੱਤੀ ਹੈ। ਇਸ ਕਮੇਟੀ 'ਚ ਧਾਰਮਿਕ, ਨਿਆਇਕ ਤੇ ਪ੍ਰਸ਼ਾਸਨਿਕ ਖੇਤਰਾਂ ਨਾਲ ਜੁੜੀਆਂ ਸਖ਼ਸ਼ੀਅਤਾਂ ਨੂੰ ਸ਼ਾਮਲ ਕੀਤਾ ਗਿਆ ਹੈ। ਇਹ ਕਮੇਟੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਕਮੇਟੀ ਨਾਲ ਤਾਲਮੇਲ ਕਰੇਗੀ ਅਤੇ ਸਹਿਮਤੀ ਤੋਂ ਬਾਅਦ ਸੋਧਾ ਲਾਗੂ ਕੀਤੀਆਂ ਜਾਣਗੀਆਂ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਮਿਲੇ ਸੁਝਾਵਾਂ ਅਤੇ ਮਾਰਗਦਰਸ਼ਨ ਨੂੰ ਪੂਰੇ ਸਤਿਕਾਰ ਨਾਲ ਵਿਚਾਰ ਹੇਠ ਲਿਆਂਦਾ ਜਾ ਰਿਹਾ ਹੈ ਅਤੇ ਸਾਰੇ ਸੁਝਾਵਾਂ ਨੂੰ ਧਿਆਨ 'ਚ ਰੱਖਦਿਆਂ ਹੀ ਮਾਮਲੇ ਨੂੰ ਅੰਤਿਮ ਰੂਪ ਦਿੱਤਾ ਜਾਵੇਗਾ।

ਕਮੇਟੀ ਦੇ 7 ਮੈਂਬਰ : 1. ਗਿਆਨੀ ਰਘਬੀਰ ਸਿੰਘ (ਅਕਾਲ ਤਖ਼ਤ ਦੇ ਸਾਬਕਾ ਜਥੇਦਾਰ)

2. ਸੰਤ ਗਿਆਨੀ ਹਰਨਾਮ ਸਿੰਘ ਖਾਲਸਾ (ਮੁਖੀ, ਦਮਦਮੀ ਟਕਸਾਲ)
3. ਸੰਤ ਬਾਬਾ ਸੇਵਾ ਸਿੰਘ (ਰਾਮਪੁਰ ਖੇੜਾ)
4. ਜਸਟਿਸ ਜਸਪਾਲ ਸਿੰਘ (ਸੇਵਾਮੁਕਤ)
5. ਜਸਟਿਸ ਗੁਰਬੀਰ ਸਿੰਘ (ਸੇਵਾਮੁਕਤ)
6. ਜਤਿੰਦਰ ਸਿੰਘ ਔਲਖ (ਸਾਬਕਾ ਆਈਏਐਸ ਅਫਸਰ)
7. ਐਡਵੋਕੇਟ ਪ੍ਰੀਤ ਇੰਦਰ ਪਾਲ ਸਿੰਘ (ਕਾਨੂੰਨ ਅਧਿਕਾਰੀ)

ਇਸ ਤੋਂ ਇਲਾਵਾ ਦੋਵਾਂ ਕਮੇਟੀਆਂ ਵਿਚਕਾਰ ਬਿਹਤਰ ਤਾਲਮੇਲ ਬਣਾਉਣ ਲਈ ਪੰਜਾਬ ਸਰਕਾਰ ਨੇ ਪੀ.ਸੀ.ਐਸ. ਅਫ਼ਸਰ ਹਰਜੀਤ ਸਿੰਘ ਸੰਧੂ ਨੂੰ ਨੋਡਲ ਅਫ਼ਸਰ ਨਿਯੁਕਤ ਕੀਤਾ ਹੈ। ਦੱਸਣਯੋਗ ਹੈ ਕਿ ਇਸ ਸਾਲ ਅਪ੍ਰੈਲ ਮਹੀਨੇ ਵਿੱਚ ਖਾਲਸਾ ਸਾਜਨਾ ਦਿਵਸ ਮੌਕੇ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ, 2006 ਬਣਾਇਆ ਗਿਆ ਸੀ। ਜਿਸ ਵਿਚਲੀਆਂ ਕੁਝ ਮਦਾਂ 'ਤੇ ਸ਼੍ਰੋਮਣੀ ਕਮੇਟੀ, ਸ੍ਰੀ ਅਕਾਲ ਤਖ਼ਤ ਤੇ ਕਈ ਸਿੱਖ ਜਥੇਬੰਦੀਆਂ ਵੱਲੋਂ ਇਤਰਾਜ ਪ੍ਰਗਟਾਇਆ ਗਿਆ ਸੀ। ਸ੍ਰੀ ਅਕਾਲ ਤਖ਼ਤ ਵੱਲੋਂ ਇਸ ਸਬੰਧ ਵਿੱਚ ਕਾਰਵਾਈ ਕਰਦਿਆਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਨੂੰ ਸ੍ਰੀ ਅਕਾਲ ਤਖ਼ਤ ਤੇ ਸੱਦਿਆ ਗਿਆ ਸੀ ਅਤੇ ਉਨ੍ਹਾਂ ਨੂੰ ਇਤਰਾਜ਼ਯੋਗ ਮੱਦਾਂ ਬਾਰੇ ਜਾਣਕਾਰੀ ਦਿੱਤੀ ਗਈ ਸੀ। ਉਨ੍ਹਾਂ ਨੂੰ ਇਹ ਇਤਰਾਜ਼ਯੋਗ ਮੱਦਾ ਕਾਨੂੰਨ ਵਿੱਚੋਂ ਹਟਾਉਣ ਲਈ ਵਾਸਤੇ ਵੀ ਆਖਿਆ ਗਿਆ ਸੀ। ਕੋਈ ਕਾਰਵਾਈ ਨਾ ਹੋਣ ਤੇ ਸ੍ਰੀ ਅਕਾਲ ਤਖ਼ਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪੰਜਾਬ ਵਿਧਾਨ ਸਭਾ ਦੇ ਸਾਰੇ ਸਿੱਖ ਵਿਧਾਇਕਾਂ ਅਤੇ ਮੰਤਰੀਆਂ ਨੂੰ ਸ੍ਰੀ ਅਕਾਲ ਤਖ਼ਤ ਵਿਖੇ ਤਲਬ ਕੀਤਾ ਗਿਆ ਸੀ। ਜਿੱਥੇ ਸਮੂਹ ਵਿਧਾਇਕਾਂ ਅਤੇ ਮੰਤਰੀਆਂ ਵੱਲੋਂ ਕਾਨੂੰਨ ਵਿੱਚ ਸੋਧ ਲਈ ਸਹਿਮਤੀ ਦਿੱਤੀ ਗਈ ਸੀ। ਉਸ ਵੇਲੇ ਸਰਕਾਰ ਨੂੰ ਇੱਕ ਮਹੀਨੇ ਦਾ ਸਮਾਂ ਦਿੱਤਾ ਗਿਆ ਸੀ।

## ਅਕਾਲ ਤਖ਼ਤ ਨੇ ਸਹਿਮਤੀ ਬਣਨ ਤੱਕ ਬੇਅਦਬੀ ਕਾਨੂੰਨ ਨੂੰ ਮੁਅੱਤਲ ਰੱਖਣ ਲਈ ਨੋਟੀਫ਼ਿਕੇਸ਼ਨ ਜਾਰੀ ਕਰਨ ਨੂੰ ਕਿਹਾ

**ਅੰਮ੍ਰਿਤਸਰ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਬਣਾਏ ਗਏ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਦੇ ਚੱਲ ਰਹੇ ਮਾਮਲੇ ਸਬੰਧੀ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਰਫ਼ੋਂ ਮਿਤੀ 31 ਜੁਲਾਈ 2026 ਨੂੰ ਉਠਾਏ ਗਏ ਇਤਰਾਜ਼ਾਂ ਤੇ ਸੁਝਾਵਾਂ ਦੇ ਮੱਦੇਨਜ਼ਰ ਕਾਨੂੰਨ ਵਿਚ ਵਧੇਰੀ ਸੋਧ ਦਾ ਸਮਾਂ ਦਿੱਤਾ ਸੀ, ਉਸ ਦਾ ਸਮਾਂ ਮਿਤੀ 30 ਸਤੰਬਰ 2026 ਨੂੰ ਪੂਰਾ ਹੋਣ ਜਾ ਰਿਹਾ ਹੈ। ਇਸ ਦੇ ਚੱਲਦੇ ਪੰਜਾਬ ਸਰਕਾਰ ਦੇ ਗ੍ਰਹਿ ਮਾਮਲੇ ਵਿਭਾਗ ਵੱਲੋਂ ਅਧਿਕਾਰਤ ਰੂਪ ਵਿਚ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਹ ਜਾਣਕਾਰੀ ਭੇਜੀ ਗਈ ਹੈ ਕਿ ਸੂਬਾ ਸਰਕਾਰ ਨੇ ਇਸ ਮਾਮਲੇ ਵਿਚ ਕਾਰਵਾਈ ਅੱਗੇ ਵਧਾਉਣ ਲਈ ਮਿਤੀ 16 ਸਤੰਬਰ 2026 ਨੂੰ ਇਕ ਸੱਤ-ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ। ਪੰਜਾਬ ਸਰਕਾਰ ਵੱਲੋਂ ਭੇਜੀ ਗਈ ਜਾਣਕਾਰੀ ਵਿਚ ਕਿਹਾ ਗਿਆ ਹੈ ਕਿ "ਸਰਕਾਰ ਦੀ ਕਮੇਟੀ" ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪ੍ਰਾਪਤ ਹੋਏ ਸੁਝਾਵਾਂ ਅਤੇ ਮਾਰਗਦਰਸ਼ਨ ਨੂੰ ਪੂਰੇ ਸਤਿਕਾਰ ਸਹਿਤ ਵਿਚਾਰ ਅਧੀਨ ਲਿਆਂਦਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਗਠਿਤ ਕਮੇਟੀ ਵੱਲੋਂ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਕਮੇਟੀ ਨਾਲ ਵੀ ਲੋੜੀਂਦਾ ਵਿਚਾਰ-ਵਟਾਂਦਰਾ ਅਤੇ ਤਾਲਮੇਲ ਕੀਤਾ ਜਾਵੇਗਾ ਅਤੇ ਸਾਰੇ ਸੁਝਾਵਾਂ ਤੇ ਵਿਚਾਰਾਂ ਨੂੰ ਧਿਆਨ ਵਿਚ ਰੱਖਦੇ ਹੋਏ ਮਾਮਲੇ ਨੂੰ ਸੁਚੱਜੇ ਢੰਗ ਨਾਲ ਅੰਤਿਮ ਰੂਪ ਦਿੱਤਾ ਜਾਵੇਗਾ। ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਬਗੀਚਾ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭੇਜੀ ਗਈ ਜਾਣਕਾਰੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ



ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਧਿਆਨ ਵਿਚ ਲਿਆ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਿੰਘ ਸਾਹਿਬ ਨੇ ਇਸ ਗੱਲ ਉੱਤੇ ਖੇਦ ਪ੍ਰਗਟਾਇਆ ਹੈ ਕਿ ਪੰਜਾਬ ਸਰਕਾਰ ਇਸ ਮਾਮਲੇ ਨੂੰ ਲੈ ਕੇ ਸੰਜੀਦਾ ਨਹੀਂ ਤੇ ਸਰਕਾਰ ਦੀ ਪਹੁੰਚ ਗ਼ੈਰ-ਜ਼ਿੰਮੇਵਾਰੀ ਵਾਲੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕਾਨੂੰਨ ਵਿਚ ਸਿੱਖ ਭਾਵਨਾਵਾਂ ਅਨੁਸਾਰ ਵਧੇਰੀ ਸੋਧ ਕਰਨ ਲਈ ਦੋ ਮਹੀਨੇ ਦਾ ਸਮਾਂ ਦਿੱਤਾ ਗਿਆ ਸੀ, ਜਿਸ ਤੋਂ ਭਾਵ ਹੈ ਕਿ ਸਰਕਾਰ ਨੇ ਦੋ ਮਹੀਨਿਆਂ ਦੇ ਵਿਚ-ਵਿਚ ਇਹ ਮਾਮਲਾ ਹੱਲ ਕਰਨਾ ਸੀ ਪਰੰਤੂ ਸਰਕਾਰ ਨੇ ਸਮਾਂ ਪੂਰਾ ਹੋਣ ਦੇ ਆਖ਼ਰੀ ਦਿਨ 30 ਸਤੰਬਰ 2026 ਨੂੰ ਕਮੇਟੀ ਸਬੰਧੀ ਸਿਰਫ ਜਾਣਕਾਰੀ ਹੀ ਭੇਜੀ ਹੈ ਜਦਕਿ ਕਾਰਜ ਕੁਝ ਵੀ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਹਿਲਾਂ ਵੀ 29 ਜੂਨ 2026 ਦੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਜੋ ਇਕ ਮਹੀਨੇ ਦਾ ਸਮਾਂ ਦਿੱਤਾ ਗਿਆ ਸੀ, ਉਸ ਸਬੰਧੀ ਵੀ ਸਰਕਾਰ ਨੇ ਆਖ਼ਰੀ ਦਿਨ 29 ਜੁਲਾਈ 2026 ਨੂੰ ਆਪਣਾ ਜਵਾਬ ਅੰਮ੍ਰਿਤਸਰ ਡਿਪਟੀ ਕਮਿਸ਼ਨਰ ਰਾਹੀਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜਿਆ ਸੀ, ਜੋ ਕਿ ਸਿੰਘ ਸਾਹਿਬ ਜੀ ਵੱਲੋਂ ਰੱਦ ਕਰ ਦਿੱਤਾ ਗਿਆ ਸੀ ਅਤੇ ਮਿਤੀ 30 ਜੁਲਾਈ 2026 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਰਫੋਂ ਸਰਕਾਰ ਨਾਲ ਅਗਲੇਰੀ ਗੱਲਬਾਤ ਤੇ ਕਾਰਵਾਈ ਲਈ ਕਾਨੂੰਨੀ ਮਾਹਰਾਂ ਤੇ ਵਿਦਵਾਨਾਂ ਅਧਾਰਿਤ ਇਕ ਪੰਜ-ਮੈਂਬਰੀ ਕਮੇਟੀ ਦਾ ਗਠਨ ਕੀਤਾ ਸੀ। ਉਨ੍ਹਾਂ ਕਿਹਾ ਕਿ ਭਾਵੇਂ ਕਿ ਸਰਕਾਰ ਨੇ 16 ਸਤੰਬਰ ਦੀ ਕਮੇਟੀ ਬਣਾਈ ਹੈ ਪਰ ਇਸ ਦੇ ਅਧਿਕਾਰਤ ਜਾਣਕਾਰੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਾਂ ਪੂਰਾ ਹੋਣ ਦੇ ਆਖ਼ਰੀ ਦਿਨ ਭੇਜੀ ਗਈ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਸਰਕਾਰ ਮਾਮਲਾ ਹੱਲ ਕਰਨ ਦੀ ਬਜਾਏ ਇਸ ਨੂੰ ਲਟਕਾ ਰਹੀ ਹੈ।

## ਫਗਵਾੜਾ 'ਚ ਐਸ. ਡੀ. ਐਮ. ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ




**ਫਗਵਾੜਾ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਫਗਵਾੜਾ 'ਚ ਵੀਰਵਾਰ ਨੂੰ ਉਪਮੰਡਲ ਦੰਡ ਅਧਿਕਾਰੀ (ਐੱਸ. ਡੀ. ਐੱਮ) ਦਫ਼ਤਰ ਨੂੰ ਈ-ਮੇਲ ਜ਼ਰੀਏ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਪੁਲਸ ਨੇ ਤੁਰੰਤ ਜਾਂਚ ਸ਼ੁਰੂ ਕਰਕੇ ਬੰਬ ਰੋਕੂ ਦਸਤੇ ਦੀ ਮਦਦ ਨਾਲ ਦਫ਼ਤਰ ਅਤੇ ਨੇੜਲੇ ਇਲਾਕਿਆਂ ਦੀ ਡੂੰਘਾਈ ਨਾਲ ਤਲਾਸ਼ੀ ਲਈ ਪਰ ਕੋਈ ਵਿਸਫੋਟਕ ਸਮੱਗਰੀ ਨਹੀਂ ਮਿਲੀ ਹੈ। ਪੁਲਸ ਮੁਤਾਬਕ ਐੱਸ. ਡੀ. ਐੱਮ. ਦਫ਼ਤਰ ਨੂੰ ਇਕ ਅਧਿਕਾਰਤ ਈ-ਮੇਲ ਰਾਹੀਂ ਇਹ ਧਮਕੀ ਮਿਲੀ ਸੀ। ਈ-ਮੇਲ 'ਚ ਐੱਸ. ਡੀ. ਐੱਮ. ਦਫ਼ਤਰ ਅਤੇ ਕਈ ਹੋਰ ਥਾਵਾਂ ਨੂੰ ਨਿਸ਼ਾਨਾ ਬਣਾਉਣ ਦੀ ਧਮਕੀ ਦਿੱਤੀ ਗਈ ਸੀ। ਧਮਕੀ ਮਿਲਣ 'ਤੇ ਪੁਲਸ ਨੇ ਸੀਨੀਅਰ ਅਧਿਕਾਰੀਆਂ ਨੂੰ ਸੂਚਿਤ ਕੀਤਾ ਗਿਆ ਅਤੇ ਸੁਰੱਖਿਆ ਟੀਮਾਂ ਨੂੰ ਘਟਨਾ ਸਥਾਨ 'ਤੇ ਭੇਜਿਆ। ਦਫ਼ਤਰ, ਤਹਿਸੀਲ ਕੰਪਲੈਕਸ, ਪਾਰਕਿੰਗ ਅਤੇ ਹੋਰ ਸੰਭਾਵੀ ਥਾਵਾਂ ਦੀ ਯੋਜਨਾਬੱਧ ਤਲਾਸ਼ੀ ਲਈ ਗਈ। ਐੱਸ. ਡੀ. ਐੱਮ. ਨਵਜੋਤ ਸ਼ਰਮਾ ਅਤੇ ਫਗਵਾੜਾ ਦੇ ਪੁਲਸ ਸੁਪਰਡੈਂਟ ਮੇਜਰ ਸਿੰਘ ਨੇ ਸੁਰੱਖਿਆ ਕਾਰਜਾਂ ਦੀ ਨਿਗਰਾਨੀ ਕੀਤੀ। ਪ੍ਰਸ਼ਾਸਨ ਨੇ ਸ਼ਾਂਤੀ ਬਣਾਈ ਰੱਖਣ ਅਤੇ ਕਰਮਚਾਰੀਆਂ ਅਤੇ ਜਨਤਾ 'ਚ ਬੇਲੋੜੀ ਘਬਰਾਹਟ ਜਾਂ ਅਫ਼ਵਾਹਾਂ ਨੂੰ ਰੋਕਣ 'ਤੇ ਜ਼ੋਰ ਦਿੱਤਾ।


ਦਿੱਲੀ ਹਾਈ ਕੋਰਟ ਦੇ ਹੁਕਮਾਂ ਮਗਰੋਂ
ਜਗਤਾਰ ਸਿੰਘ ਜੱਗੀ ਜ਼ੌਹਲ
ਤਿਹਾੜ ਜੇਲ੍ਹ ਤੋਂ ਰਿਹਾਅ
ਦਿੱਲੀ ਹਾਈ ਕੋਰਟ
DELHI HIGH COURT
18 ਸਤੰਬਰ 2026
ਦਿੱਲੀ ਹਾਈ ਕੋਰਟ ਨੇ ਜਗਤਾਰ ਸਿੰਘ ਜੱਗੀ ਜੌਹਲ ਨੂੰ ਜਮਾਨਤ ਦੇ ਦਿੱਤੀ।
19 ਅਕਤੂਬਰ 2026
ਜਮਾਨਤਾਂ ਭਰ ਦਿੱਤੀਆਂ ਗਈਆਂ।
28 ਅਕਤੂਬਰ 2026
ਜਮਾਨਤਾਂ ਦੀ ਤਸਦੀਕ ਹੋਈ। ਐਨਆਈਏ ਸਪੈਸ਼ਲ ਜੱਜ ਵੱਲੋਂ ਰਿਹਾਈ ਦਾ ਹੁਕਮ ਤਿਹਾੜ ਜੇਲ੍ਹ ਨੰਬਰ 5 ਨੂੰ ਭੇਜ ਦਿੱਤਾ ਗਿਆ।
ਪਰ...
ਜੇਲ੍ਹ ਪ੍ਰਸ਼ਾਸਨ ਨੇਕੇਂਦਰ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਜਾਰੀ 268 CrPC ਤਹਿਤ ਨੋਟੀਫਿਕੇਸ਼ਨ ਦਾ ਹਵਾਲਾ ਦੇ ਕੇ ਰਿਹਾਈ ਤੋਂ ਮਨਾਂ ਕਰ ਦਿੱਤਾ।
6 ਅਕਤੂਬਰ 2026
ਐਨਆਈਏ ਸਪੈਸ਼ਲ ਕੋਰਟ ਵਿੱਚ ਇਸ ਮਾਮਲੇ ਦੀ ਸੁਣਵਾਈ ਲਈ ਤਰੀਕ ਪਾਈ ਗਈ।
30 ਅਕਤੂਬਰ 2026
ਜੱਗੀ ਜੌਹਲ ਨੇ ਨਜ਼ਾਇਜ਼ ਤੇ ਗੈਰ ਕਾਨੂੰਨੀ ਹਿਰਾਸਤ ਨੂੰ ਚੈਲੰਜ ਕਰਦਿਆਂ ਦਿੱਲੀ ਹਾਈ ਕੋਰਟ ਵਿੱਚ ਬੰਦੀ ਪ੍ਰਤੱਖੀਕਰਨ (Habeas Corpus) ਰਿੱਟ ਦਾਖਲ ਕੀਤੀ।
1 ਅਕਤੂਬਰ 2026
ਜਸਟਿਸ ਨਵੀਨ ਚਾਵਲਾ ਨੇ ਸਵੇਰੇ 11 ਵਜੇ ਸੁਣਵਾਈ ਕਰਦਿਆਂ ਸਬੰਧਤ ਵਿਵਾਦੀ ਧਿਰਾਂ ਨੂੰ ਝਾੜ ਪਾਉਂਦਿਆਂ ਹੁਕਮ ਦਿੱਤਾ ਕਿ ਜੱਗੀ ਜੌਹਲ ਨੂੰ ਅੱਜ ਦੁਪਹਿਰ 2:30 ਤੱਕ ਰਿਹਾ ਕਰੋ, ਨਹੀਂ ਤਾਂ ਕੋਰਟ ਆਪਣਾ ਹੁਕਮ ਸੁਣਾਏਗੀ।
ਕੋਰਟ ਦੇ ਹੁਕਮਾਂ ਤੋਂ ਬਾਅਦ ਜਗਤਾਰ ਸਿੰਘ ਜੱਗੀ ਜੌਹਲ ਨੂੰ
ਤਿਹਾੜ ਜੇਲ੍ਹ ਤੋਂ ਰਿਹਾ ਕਰ ਦਿੱਤਾ ਗਿਆ
AwazeQaumTV
ਆਵਾਜ਼ਿ ਕੌਮ
AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੌ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ
1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

### ਤਖ਼ਤ ਸ੍ਰੀ ਪਟਨਾ ਸਾਹਿਬ ਦੇ ਅਹੁਦੇਦਾਰਾਂ ਵੱਲੋਂ

# ਲਾਲਗੰਜ ਗੁਰਦੁਆਰਾ ਨਾਨਕ ਸ਼ਾਹੀ ਦੇ ਵਿਕਾਸ ਲਈ ਵਿਧਾਇਕ ਤੇ ਡੀਐਮ ਨਾਲ ਮੁਲਾਕਾਤ



**ਨਵੀਂ ਦਿੱਲੀ, 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਨਰਲ ਸਕੱਤਰ ਇੰਦਰਜੀਤ ਸਿੰਘ ਅਤੇ ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ ਨੇ ਵੈਸ਼ਾਲੀ ਜ਼ਿਲ੍ਹੇ ਦਾ ਦੌਰਾ ਕਰਕੇ ਇਤਿਹਾਸਕ ਗੁਰਦੁਆਰਾ ਨਾਨਕ ਸ਼ਾਹੀ, ਲਾਲਗੰਜ ਵਿਖੇ ਮੱਥਾ ਟੇਕਿਆ ਅਤੇ ਗੁਰਦੁਆਰਾ ਸਾਹਿਬ ਦੀਆਂ ਸੇਵਾਵਾਂ, ਸਥਾਨਕ ਸਮੱਸਿਆਵਾਂ ਤੇ ਵਿਕਾਸ ਕਾਰਜਾਂ ਸਬੰਧੀ ਜਾਣਕਾਰੀ ਹਾਸਲ ਕੀਤੀ। ਹਾਜੀਪੁਰ ਵਿਖੇ ਲਾਲਗੰਜ ਦੇ ਵਿਧਾਇਕ ਸੰਜੇ ਕੁਮਾਰ ਸਿੰਘ ਨੇ ਤਖ਼ਤ ਸਾਹਿਬ ਦੇ ਅਹੁਦੇਦਾਰਾਂ ਦਾ ਸਵਾਗਤ ਕੀਤਾ। ਇਸ ਉਪਰੰਤ ਵਿਧਾਇਕ ਨਾਲ ਗੁਰਦੁਆਰਾ ਨਾਨਕ ਸ਼ਾਹੀ ਪਹੁੰਚ ਕੇ ਸਥਾਨਕ ਗੁਰਦੁਆਰਾ ਕਮੇਟੀ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਗੁਰਦੁਆਰਾ ਸਾਹਿਬ ਦੀਆਂ ਮੌਜੂਦਾ ਲੋੜਾਂ ਅਤੇ ਸੰਗਤ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਵੀ ਜਾਣਕਾਰੀ ਲਈ ਗਈ। ਇਸ ਦੌਰਾਨ 5 ਅਕਤੂਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ-ਜੋਤ ਦਿਵਸ ਸਬੰਧੀ ਹੋਣ ਵਾਲੇ ਸਮਾਗਮ ਦੀਆਂ ਤਿਆਰੀਆਂ ਬਾਰੇ ਵੀ ਵਿਚਾਰ ਕੀਤਾ ਗਿਆ। ਤਖ਼ਤ ਸ੍ਰੀ ਪਟਨਾ ਸਾਹਿਬ ਦੇ ਅਹੁਦੇਦਾਰਾਂ ਨੇ ਵੈਸ਼ਾਲੀ ਦੀ ਡਿਪਟੀ ਕਮਿਸ਼ਨਰ ਵਰਸ਼ਾ ਸਿੰਘ ਨਾਲ ਮੁਲਾਕਾਤ ਕਰਕੇ ਲਾਲਗੰਜ ਗੁਰਦੁਆਰਾ ਸਾਹਿਬ ਦੇ ਵਿਕਾਸ, ਸੰਗਤ ਲਈ ਬਿਹਤਰ ਸਹੂਲਤਾਂ ਅਤੇ ਸਥਾਨਕ ਸਮੱਸਿਆਵਾਂ ਦੇ ਜਲਦ ਹੱਲ ਲਈ ਸਹਿਯੋਗ ਦੀ ਮੰਗ ਕੀਤੀ। ਵਿਧਾਇਕ ਸੰਜੇ ਕੁਮਾਰ ਸਿੰਘ ਨੇ ਗੁਰਦੁਆਰਾ ਸਾਹਿਬ ਦੀ ਬਿਹਤਰੀ ਅਤੇ ਸੇਵਾ ਕਾਰਜਾਂ ਲਈ ਸਰਕਾਰ ਅਤੇ ਆਪਣੇ ਪੱਧਰ 'ਤੇ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪੰਜਾਬ ਸਰਕਾਰ ਨੂੰ ਸਹਿਮਤੀ ਬਣਨ ਤੱਕ

# ਬੇਅਦਬੀ ਰੋਕੂ ਕਾਨੂੰਨ ਨੂੰ ਮੁਅੱਤਲ ਰੱਖਣ ਲਈ ਨੋਟੀਫ਼ਿਕੇਸ਼ਨ ਜਾਰੀ ਕਰਨ ਨੂੰ ਕਿਹਾ

## ਐਕਟ ਦੇ ਮਾਮਲੇ ਵਿੱਚ ਪੰਜਾਬ ਸਰਕਾਰ ਵੱਲੋਂ ਕੀਤੀ ਜਾ ਰਹੀ ਦੇਰੀ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਖੇਦ ਦਾ ਪ੍ਰਗਟਾਵਾ

**ਨਵੀਂ ਦਿੱਲੀ, 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:-ਪੰਜਾਬ ਸਰਕਾਰ ਵੱਲੋਂ ਬਣਾਏ ਗਏ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026" ਦੇ ਚੱਲ ਰਹੇ ਮਾਮਲੇ ਸਬੰਧੀ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਰਫ਼ੋਂ ਮਿਤੀ 31 ਜੁਲਾਈ 2026 ਨੂੰ ਉਠਾਏ ਗਏ ਇਤਰਾਜ਼ਾਂ ਤੇ ਸੁਝਾਵਾਂ ਦੇ ਮੱਦੇਨਜ਼ਰ ਕਾਨੂੰਨ ਵਿੱਚ ਵਧੇਰੀ ਸੋਧ ਦਾ ਸਮਾਂ ਦਿੱਤਾ ਸੀ, ਉਸ ਦਾ ਸਮਾਂ ਮਿਤੀ 30 ਸਤੰਬਰ 2026 ਨੂੰ ਪੂਰਾ ਹੋਣ ਉੱਤੇ ਪੰਜਾਬ ਸਰਕਾਰ ਦੇ ਗ੍ਰਿਹ ਮਾਮਲੇ ਵਿਭਾਗ ਵੱਲੋਂ ਅਧਿਕਾਰਤ ਰੂਪ ਵਿੱਚ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਹ ਜਾਣਕਾਰੀ ਭੇਜੀ ਗਈ ਹੈ ਕਿ ਸੂਬਾ ਸਰਕਾਰ ਨੇ ਇਸ ਮਾਮਲੇ ਵਿੱਚ ਕਾਰਵਾਈ ਅੱਗੇ ਵਧਾਉਣ ਲਈ ਮਿਤੀ 16 ਸਤੰਬਰ 2026 ਨੂੰ ਇੱਕ ਸੱਤ-ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ। ਪੰਜਾਬ ਸਰਕਾਰ ਵੱਲੋਂ ਭੇਜੀ ਗਈ ਜਾਣਕਾਰੀ ਵਿੱਚ ਕਿਹਾ ਗਿਆ ਹੈ ਕਿ "ਸਰਕਾਰ ਦੀ ਕਮੇਟੀ" ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪ੍ਰਾਪਤ ਹੋਏ ਸੁਝਾਵਾਂ ਅਤੇ ਮਾਰਗਦਰਸ਼ਨ ਨੂੰ ਪੂਰੇ ਸਤਿਕਾਰ ਸਹਿਤ ਵਿਚਾਰ ਅਧੀਨ ਲਿਆਂਦਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਗਠਿਤ ਕਮੇਟੀ ਵੱਲੋਂ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਕਮੇਟੀ ਨਾਲ ਵੀ ਲੋੜੀਂਦਾ ਵਿਚਾਰ-ਵਟਾਂਦਰਾ ਅਤੇ ਤਾਲਮੇਲ ਕੀਤਾ ਜਾਵੇਗਾ ਅਤੇ ਸਾਰੇ ਸੁਝਾਵਾਂ ਤੇ ਵਿਚਾਰਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਮਾਮਲੇ ਨੂੰ ਸੁਚੱਜੇ ਢੰਗ ਨਾਲ ਅੰਤਿਮ ਰੂਪ ਦਿੱਤਾ ਜਾਵੇਗਾ। ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਸ. ਬਗੀਚਾ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭੇਜੀ ਗਈ ਜਾਣਕਾਰੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਧਿਆਨ ਵਿੱਚ ਲਿਆ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਿੰਘ ਸਾਹਿਬ ਨੇ ਇਸ ਗੱਲ ਉੱਤੇ ਖੇਦ ਪ੍ਰਗਟਾਇਆ ਹੈ ਕਿ ਪੰਜਾਬ ਸਰਕਾਰ ਇਸ ਮਾਮਲੇ ਨੂੰ ਲੈ ਕੇ ਸੰਜੀਦਾ ਨਹੀਂ ਤੇ ਸਰਕਾਰ ਦੀ ਪਹੁੰਚ ਗੈ਼ਰ-ਜ਼ਿੰਮੇਵਾਰੀ ਵਾਲੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕਾਨੂੰਨ ਵਿੱਚ ਸਿੱਖ ਭਾਵਨਾਵਾਂ ਅਨੁਸਾਰ ਵਧੇਰੀ ਸੋਧ ਕਰਨ ਲਈ ਦੋ ਮਹੀਨੇ ਦਾ ਸਮਾਂ ਦਿੱਤਾ ਗਿਆ ਸੀ, ਜਿਸ ਤੋਂ ਭਾਵ ਹੈ ਕਿ ਸਰਕਾਰ ਨੇ ਦੋ ਮਹੀਨਿਆਂ ਦੇ ਵਿੱਚ-ਵਿੱਚ ਇਹ ਮਾਮਲਾ ਹੱਲ ਕਰਨਾ ਸੀ ਪਰੰਤੂ ਸਰਕਾਰ ਨੇ ਸਮਾਂ ਪੂਰਾ ਹੋਣ ਦੇ ਆਖ਼ਰੀ ਦਿਨ 30 ਸਤੰਬਰ 2026 ਨੂੰ ਕਮੇਟੀ ਸਬੰਧੀ ਸਿਰਫ ਜਾਣਕਾਰੀ ਹੀ ਭੇਜੀ ਹੈ ਜਦਕਿ ਕਾਰਜ ਕੁਝ ਵੀ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਹਿਲਾਂ ਵੀ 29 ਜੂਨ 2026 ਦੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਜੋ ਇੱਕ ਮਹੀਨੇ ਦਾ ਸਮਾਂ ਦਿੱਤਾ ਗਿਆ ਸੀ, ਉਸ ਸਬੰਧੀ ਵੀ ਸਰਕਾਰ ਨੇ ਆਖ਼ਰੀ ਦਿਨ 29 ਜੁਲਾਈ 2026 ਨੂੰ ਆਪਣਾ ਜਵਾਬ ਅੰਮ੍ਰਿਤਸਰ ਡਿਪਟੀ ਕਮਿਸ਼ਨਰ ਰਾਹੀਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜਿਆ ਸੀ, ਜੋ ਕਿ ਸਿੰਘ ਸਾਹਿਬ ਜੀ ਵੱਲੋਂ ਰੱਦ ਕਰ ਦਿੱਤਾ ਗਿਆ ਸੀ ਅਤੇ ਮਿਤੀ 30 ਜੁਲਾਈ 2026 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਰਫੋਂ ਸਰਕਾਰ ਨਾਲ ਅਗਲੇਰੀ ਗੱਲਬਾਤ ਤੇ ਕਾਰਵਾਈ ਲਈ ਕਾਨੂੰਨੀ ਮਾਹਰਾਂ ਤੇ ਵਿਦਵਾਨਾਂ ਅਧਾਰਿਤ ਇੱਕ ਪੰਜ-ਮੈਂਬਰੀ ਕਮੇਟੀ ਦਾ ਗਠਨ ਕੀਤਾ ਸੀ। ਉਨ੍ਹਾਂ ਕਿਹਾ ਕਿ ਭਾਵੇਂ ਕਿ ਸਰਕਾਰ ਨੇ 16 ਸਤੰਬਰ ਦੀ ਕਮੇਟੀ ਬਣਾਈ ਹੈ ਪਰ ਇਸ ਦੇ ਅਧਿਕਾਰਤ ਜਾਣਕਾਰੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਾਂ ਪੂਰਾ ਹੋਣ ਦੇ ਆਖ਼ਰੀ ਦਿਨ ਭੇਜੀ ਗਈ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਸਰਕਾਰ ਮਾਮਲਾ ਹੱਲ ਕਰਨ ਦੀ ਬਜਾਏ ਇਸ ਨੂੰ ਲਟਕਾ ਰਹੀ ਹੈ। ਸ. ਬਗੀਚਾ ਸਿੰਘ ਨੇ ਕਿਹਾ ਕਿ ਜਦੋਂ ਤੱਕ ਇਸ ਮਾਮਲੇ ਵਿੱਚ ਆਪਸੀ ਸਹਿਮਤੀ ਨਹੀਂ ਬਣ ਜਾਂਦੀ ਉਦੋਂ ਤੱਕ ਕਾਨੂੰਨ ਨੂੰ ਮੁਅੱਤਲ ਕਰਨ ਲਈ ਸਰਕਾਰ ਨੂੰ ਨੋਟੀਫ਼ਿਕੇਸ਼ਨ ਜਾਰੀ ਕਰਨਾ ਚਾਹੀਦਾ ਹੈ, ਜਿਸ ਬਾਰੇ ਸਿੰਘ ਸਾਹਿਬ ਵੀ ਪਹਿਲਾਂ ਸਰਕਾਰ ਨੂੰ ਕਹਿ ਚੁੱਕੇ ਹਨ।




ਆਵਾਜ਼ਿ ਕੌਮ AWAZE QAUM International Newspaper & WEB TV

# ਡਾ. ਭਾਰਤੀ ਧਵਨ ਨੇ ਸਿਵਲ ਸਰਜਨ ਅੰਮ੍ਰਿਤਸਰ ਵਜੋਂ ਅਹੁਦਾ ਸੰਭਾਲਿਆ



**ਚੌਕ ਮਹਿਤਾ, 1 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਡਾ. ਭਾਰਤੀ ਧਵਨ ਨੇ ਸਿਵਲ ਸਰਜਨ, ਅੰਮ੍ਰਿਤਸਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਉਪਰੰਤ ਸਮੂਹ ਸਿਹਤ ਅਧਿਕਾਰੀਆਂ, ਕਰਮਚਾਰੀਆਂ, ਫਾਰਮੇਸੀ ਵੈਲਫੇਅਰ ਐਸੋਸੀਏਸ਼ਨ, ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ, ਫੂਡ ਸੇਫਟੀ ਵਿਭਾਗ, ਕੈਮਿਸਟ ਐਸੋਸੀਏਸ਼ਨ ਅਤੇ ਹੋਰ ਵੱਖ-ਵੱਖ ਜਥੇਬੰਦੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਡਾ. ਭਾਰਤੀ ਧਵਨ ਨੇ ਸਮੂਹ ਸਿਹਤ ਅਧਿਕਾਰੀਆਂ ਅਤੇ ਪ੍ਰੋਗਰਾਮ ਅਫਸਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਚਲਾਏ ਜਾ ਰਹੇ ਸਾਰੇ ਰਾਸ਼ਟਰੀ ਸਿਹਤ ਪ੍ਰੋਗਰਾਮਾਂ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਯੋਗ ਵਿਅਕਤੀ ਤੱਕ ਪਹੁੰਚਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਭਰ ਵਿੱਚ ਸਿਹਤ ਸਹੂਲਤਾਂ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਅਤੇ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਉਨ੍ਹਾਂ ਸਿਹਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ, ਤਨਦੇਹੀ ਅਤੇ ਸਮਰਪਣ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਲੋਕਾਂ ਨੂੰ ਸਮੇਂ ਸਿਰ ਅਤੇ ਗੁਣਵੱਤਾ ਭਰਪੂਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਸਿਹਤ ਵਿਭਾਗ ਦੀ ਮੁੱਖ ਜ਼ਿੰਮੇਵਾਰੀ ਹੈ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ. ਰਜਿੰਦਰ ਪਾਲ ਕੌਰ, ਜ਼ਿਲ੍ਹਾ ਟੀਕਾਕਰਣ ਅਫਸਰ ਡਾ. ਰਸ਼ਮੀ ਵਿੱਜ, ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ. ਨੀਲਮ ਭਗਤ, ਜ਼ਿਲ੍ਹਾ ਸਿਹਤ ਅਫਸਰ ਡਾ. ਮਨਜੀਤ ਸਿੰਘ ਰਟੌਲ, ਸੀਨੀਅਰ ਮੈਡੀਕਲ ਅਫਸਰ ਡਾ. ਜਸਪਾਲ ਸਿੰਘ, ਡਾ. ਸਤਨਾਮ ਸਿੰਘ, ਡੀ.ਡੀ.ਐਚ.ਓ. ਡਾ. ਜਗਨਜੋਤ ਕੌਰ, ਜ਼ਿਲ੍ਹਾ ਐਪੀਡਿਮੋਲੋਜਿਸਟ ਡਾ. ਹਰਜੋਤ ਕੌਰ, ਜ਼ਿਲ੍ਹਾ ਮਾਸ ਮੀਡੀਆ ਅਤੇ ਸੂਚਨਾ ਅਫਸਰ ਅਮਰਦੀਪ ਸਿੰਘ, ਡਾ. ਵਨੀਤ ਕੌਰ, ਡਾ. ਆਸ਼ੀਸ਼ ਸ਼ਰਮਾ, ਬਾਬਾ ਸ਼ਮਸ਼ੇਰ ਸਿੰਘ ਕੋਹਰੀ, ਪ੍ਰਧਾਨ ਮਲਕੀਤ ਸਿੰਘ, ਪ੍ਰਧਾਨ ਗੁਰਦੇਵ ਸਿੰਘ, ਪ੍ਰਧਾਨ ਪਲਵਿੰਦਰ ਸਿੰਘ ਧੰਮੂ, ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ ਫਾਰਮੇਸੀ ਅਫਸਰ ਸੰਜੀਵ ਕੁਮਾਰ ਸ਼ਰਮਾ, ਡਾ. ਮਦਨ ਮੋਹਨ, ਅਕਾਊਂਟ ਅਫਸਰ ਮਲਵਿੰਦਰ ਸਿੰਘ, ਸੁਪਰਡੈਂਟ ਦਲਜੀਤ ਸਿੰਘ, ਸੰਜੀਵ ਕੁਮਾਰ, ਕਲੈਰੀਕਲ ਐਸੋਸੀਏਸ਼ਨ ਦੇ ਪ੍ਰਧਾਨ ਸੁਮੀਤ ਸ਼ਰਮਾ, ਸੁਖਮਨ ਦੀਪ ਸਿੰਘ, ਨਵਦੀਪ ਸਿੰਘ ਸਮੇਤ ਸਮੂਹ ਸਟਾਫ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਏਸ਼ੀਅਨ ਗੇਮਜ਼ 2026 ਵਿੱਚ ਭਾਰਤੀ ਹਾਕੀ ਦਾ ਸ਼ਾਨਦਾਰ ਪ੍ਰਦਰਸ਼ਨ : ਬਲਵਿੰਦਰ ਸਿੰਘ ਸ਼ੰਮੀ

### ☛28 ਸਾਲ ਬਾਅਦ ਪੁਰਸ਼ ਤੇ ਮਹਿਲਾ ਦੋਵੇਂ ਟੀਮਾਂ ਫਾਈਨਲ ਵਿੱਚ ☛ ਭਾਰਤੀ ਹਾਕੀ ਲਈ ਮਾਣ ਵਾਲਾ ਪਲ: ਚੋਣ ਕਮੇਟੀ ਵਿੱਚ ਚਾਰ ਤਜਰਬੇਕਾਰ ਹਾਕੀ ਹਸਤੀਆਂ



**ਚੌਕ ਮਹਿਤਾ 01 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਏਸ਼ੀਅਨ ਗੇਮਜ਼ 2026 ਵਿੱਚ ਭਾਰਤੀ ਹਾਕੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇੱਕ ਮਹੱਤਵਪੂਰਨ ਉਪਲਬਧੀ ਹਾਸਲ ਕੀਤੀ ਹੈ। ਭਾਰਤੀ ਪੁਰਸ਼ ਅਤੇ ਮਹਿਲਾ ਹਾਕੀ ਟੀਮਾਂ ਨੇ ਫਾਈਨਲ ਵਿੱਚ ਆਪਣੀ ਜਗ੍ਹਾ ਬਣਾਈ ਹੈ। ਲੰਮੇ ਅਰਸੇ ਬਾਅਦ ਇੱਕੋ ਏਸ਼ੀਅਨ ਗੇਮਜ਼ ਵਿੱਚ ਦੋਵੇਂ ਭਾਰਤੀ ਹਾਕੀ ਟੀਮਾਂ ਦਾ ਫਾਈਨਲ ਤੱਕ ਪਹੁੰਚਣਾ ਭਾਰਤੀ ਹਾਕੀ ਲਈ ਮਾਣ ਵਾਲਾ ਪਲ ਹੈ ਇਸ ਸਫਲਤਾ ਪਿੱਛੇ ਖਿਡਾਰੀਆਂ ਦੀ ਸਖ਼ਤ ਮਿਹਨਤ, ਕੋਚਿੰਗ ਸਟਾਫ਼ ਦੀ ਤਿਆਰੀ, ਹਾਕੀ ਇੰਡੀਆ ਦੀ ਯੋਜਨਾਬੱਧ ਪਹੁੰਚ ਅਤੇ ਚੋਣ ਪ੍ਰਕਿਰਿਆ ਵਿੱਚ ਤਜਰਬੇਕਾਰ ਹਾਕੀ ਹਸਤੀਆਂ ਦੀ ਭੂਮਿਕਾ ਮਹੱਤਵਪੂਰਨ ਰਹੀ ਹੈ। ਭਾਰਤੀ ਹਾਕੀ ਟੀਮਾਂ ਦੀ ਚੋਣ ਕਮੇਟੀ ਵਿੱਚ ਡਾ. ਆਰ.ਪੀ. ਸਿੰਘ (ਚੇਅਰਮੈਨ), ਓਲੰਪੀਅਨ ਮੁਹੰਮਦ ਰਿਆਜ਼, ਓਲੰਪੀਅਨ ਐੱਮ.ਐੱਮ. ਸੋਮਾਇਆ ਅਤੇ ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਸ਼ਾਮਲ ਹਨ। ਇਹ ਚਾਰੋਂ ਤਜਰਬੇਕਾਰ ਹਾਕੀ ਹਸਤੀਆਂ ਭਾਰਤੀ ਹਾਕੀ ਦੇ ਵੱਖ-ਵੱਖ ਦੌਰਾਂ ਦੇ ਖੇਡ ਅਨੁਭਵ, ਅੰਤਰਰਾਸ਼ਟਰੀ ਪੱਧਰ ਦੀ ਸਮਝ ਅਤੇ ਚੋਣ ਪ੍ਰਕਿਰਿਆ ਦਾ ਤਜਰਬਾ ਲੈ ਕੇ ਟੀਮਾਂ ਦੀ ਚੋਣ ਵਿੱਚ ਯੋਗਦਾਨ ਪਾ ਰਹੀਆਂ ਹਨ ਖਾਸ ਤੌਰ 'ਤੇ ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਦੀ ਹਾਕੀ ਇੰਡੀਆ ਦੀ ਚੋਣ ਕਮੇਟੀ ਵਿੱਚ ਭੂਮਿਕਾ ਪੰਜਾਬ ਅਤੇ ਭਾਰਤੀ ਹਾਕੀ ਲਈ ਮਾਣ ਵਾਲੀ ਗੱਲ ਹੈ। ਇੱਕ ਓਲੰਪੀਅਨ ਅਤੇ ਤਜਰਬੇਕਾਰ ਹਾਕੀ ਖਿਡਾਰੀ ਵਜੋਂ ਉਨ੍ਹਾਂ ਦਾ ਅਨੁਭਵ ਭਾਰਤੀ ਹਾਕੀ ਦੇ ਨਵੇਂ ਖਿਡਾਰੀਆਂ ਦੀ ਪਛਾਣ ਅਤੇ ਉੱਚ ਪੱਧਰੀ ਟੀਮਾਂ ਦੀ ਚੋਣ ਵਿੱਚ ਮਹੱਤਵਪੂਰਨ ਹੈ ਭਾਰਤੀ ਪੁਰਸ਼ ਅਤੇ ਮਹਿਲਾ ਦੋਵੇਂ ਟੀਮਾਂ ਦੇ ਫਾਈਨਲ ਵਿੱਚ ਪਹੁੰਚਣ ਨਾਲ ਦੇਸ਼ ਭਰ ਦੇ ਹਾਕੀ ਪ੍ਰੇਮੀਆਂ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਹੈ। ਹੁਣ ਸਾਰਿਆਂ ਦੀਆਂ ਨਜ਼ਰਾਂ ਫਾਈਨਲ ਮੁਕਾਬਲਿਆਂ 'ਤੇ ਟਿਕੀਆਂ ਹੋਈਆਂ ਹਨ, ਜਿੱਥੇ ਦੋਵੇਂ ਭਾਰਤੀ ਟੀਮਾਂ ਸੋਨ ਤਮਗੇ ਲਈ ਆਪਣਾ ਸਰਵੋਤਮ ਪ੍ਰਦਰਸ਼ਨ ਕਰਨ ਲਈ ਮੈਦਾਨ ਵਿੱਚ ਉਤਰਣਗੀਆਂ ਭਾਰਤੀ ਹਾਕੀ ਲਈ ਇਹ ਉਪਲਬਧੀ ਨਵੀਂ ਪੀੜ੍ਹੀ ਦੇ ਖਿਡਾਰੀਆਂ ਨੂੰ ਪ੍ਰੇਰਣਾ ਦੇਣ ਵਾਲੀ ਹੈ ਅਤੇ ਦੇਸ਼ ਵਿੱਚ ਹਾਕੀ ਦੀ ਖੇਡ ਨੂੰ ਹੋਰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।

ਆਵਾਜ਼ਿ ਕੌਮ AWAZE QAUM International Newspaper & WEB TV

### ਓ.ਐਸ.ਡੀ. ਸੁਖਵੀਰ ਸਿੰਘ ਨੇ ਧੂਰੀ ਅਨਾਜ ਮੰਡੀ 'ਚ

# ਝੋਨੇ ਦੀ ਖ਼ਰੀਦ ਸ਼ੁਰੂ ਕਰਵਾਈ, ਪ੍ਰਬੰਧਾਂ ਦਾ ਲਿਆ ਜਾਇਜ਼ਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਧੂਰੀ ਦੀ ਅਨਾਜ ਮੰਡੀ ਵਿਖੇ ਝੋਨੇ ਦੀ ਸਰਕਾਰੀ ਖ਼ਰੀਦ ਸ਼ੁਰੂ ਕਰਵਾਈ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ,ਚੇਅਰਮੈਨ ਬਲਾਕ ਸੰਮਤੀ ਧੂਰੀ ਰਣਜੋਧ ਸਿੰਘ, ਗਗਨ ਜਵੰਧਾ, ਆੜ੍ਹਤੀ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ ਵੀ ਮੌਜੂਦ ਸਨ। ਇਸ ਮੌਕੇ ਉਨ੍ਹਾਂ ਕਿਸਾਨਾਂ, ਆੜ੍ਹਤੀਆਂ ਅਤੇ ਮੰਡੀ ਨਾਲ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਝੋਨੇ ਦੀ ਆਮਦ, ਖ਼ਰੀਦ ਅਤੇ ਲਿਫਟਿੰਗ ਸਬੰਧੀ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਾਉਣੀ ਸੀਜ਼ਨ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ ਅਤੇ ਝੋਨੇ ਦੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ ਗਿਆ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਸਮੇਤ ਮੰਡੀ ਨਾਲ ਜੁੜੇ ਸਾਰੇ ਵਰਗਾਂ ਦੀ ਸਹੂਲਤ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਖ਼ਰੀਦ ਦੌਰਾਨ ਮੰਡੀ ਵਿੱਚ ਸਫ਼ਾਈ, ਪੀਣ ਵਾਲੇ ਪਾਣੀ, ਬਿਜਲੀ, ਬਾਰਦਾਨੇ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦੀ ਉਪਲਬਧਤਾ ਯਕੀਨੀ ਬਣਾਈ ਗਈ ਹੈ। ਓ.ਐਸ.ਡੀ. ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀ ਵਿੱਚ ਸੁੱਕੀ ਝੋਨੇ ਦੀ ਫ਼ਸਲ ਲੈ ਕੇ ਆਉਣ ਅਤੇ ਸਰਕਾਰੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਸਬੰਧਤ ਅਧਿਕਾਰੀਆਂ ਅਤੇ ਮੰਡੀ ਪ੍ਰਬੰਧਨ ਨਾਲ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਸਾਰੇ ਸਬੰਧਤ ਭਾਈਵਾਲਾਂ ਦੇ ਸਹਿਯੋਗ ਨਾਲ ਮੌਜੂਦਾ ਝੋਨੇ ਦੇ ਸੀਜ਼ਨ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ।

**ਕਿਸਾਨਾਂ ਨੂੰ ਮੰਡੀਆਂ 'ਚ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ: ਓ.ਐਸ.ਡੀ. ਸੁਖਵੀਰ ਸਿੰਘ**

ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ,ਚੇਅਰਮੈਨ ਰਣਜੋਤ ਸਿੰਘ ਕਾਂਝਲਾ,ਆੜਤੀਆ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ, ਰਜਿੰਦਰ ਕੁਮਾਰ ਜਨਰਲ ਸਕੱਤਰ ਆੜਤੀਆ ਐਸੋਸੀਏਸਨ ਪੰਜਾਬ, ਚੇਅਰਮੈਨ ਰਸਪਾਲ ਸਿੰਘ, ਮਿੱਟੂ ਔਲਖ, ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ, ਸਤਨਾਮ ਸਿੰਘ ਢਢੋਗੜ ਵਾਇਸ ਚੇਅਰਮੈਨ ਬਲਾਕ ਸੰਮਤੀ, ਐਮਸੀ ਰਿੱਕੂ ਜਿੰਦਲ, ਰੂਬਲ ਬਾਜਵਾ, ਸੰਦੀਪ ਹਸਨਪੁਰ ,ਹਰਪ੍ਰੀਤ ਸਿੰਘ, ਬਬਲੂ ਧੂਰੀ, ਗੁਰਕਮਲ ਸਿੰਘ ਕੋਹਲੀ, ਸਰਪੰਚ ਦਵਿੰਦਰ ਧੂਰਾ, ਸੈਕਟਰੀ ਵਰਿੰਦਰ ਸਿੰਘ, ਸਰਪੰਚ ਅਮਨਦੀਪ ਸਿੰਘ ਧੂਰੀ ਪਿੰਡ, ਬਲਵਿੰਦਰ ਸਿੰਘ ਬਿੱਲੂ ਐਮਸੀ ,ਰਾਜੀਵ ਚੌਧਰੀ ਐਮਸੀ, ਸਰਪੰਚ ਹਰਜੀਤ ਸਿੰਘ ਬੁਗਰਾ ਹਾਜਰ ਸਨ।

### ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈ.ਟੀ.ਓ. ਨੇ ਕੀਤਾ

# ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ ਦਾ ਉਦਘਾਟਨ



**ਚੌਕ ਮਹਿਤਾ,1ਅਕੂਤਬਰ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਪਹਿਲੇ ਦਿਨ ਖਿਡਾਰੀਆਂ ਵਿਚਕਾਰ ਜ਼ਬਰਦਸਤ ਅਤੇ ਰੋਮਾਂਚਕ ਮੁਕਾਬਲੇ ਕਰਵਾਏ ਗਏ।

ਇਸ ਮੌਕੇ ਅੰਡਰ-17 ਵਰਗ ਵਿੱਚ ਓ.ਪੀ. ਜਿੰਦਲ ਸਕੂਲ, ਛੱਤੀਸਗੜ੍ਹ ਅਤੇ ਕੋਡਾਗੁ ਵਿਦਿਆਲੇ ਸਕੂਲ, ਕਰਨਾਟਕਾ ਦੀਆਂ ਟੀਮਾਂ ਵਿਚਕਾਰ ਦਿਲਚਸਪ ਮੁਕਾਬਲਾ ਹੋਇਆ। ਦੋਵਾਂ ਟੀਮਾਂ ਦੇ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ, ਜਿਸ ਵਿੱਚ ਕੋਡਾਗੁ ਵਿਦਿਆਲੇ ਸਕੂਲ, ਕਰਨਾਟਕਾ ਦੀ ਟੀਮ ਨੇ ਸ਼ਾਨਦਾਰ ਜਿੱਤ ਦਰਜ ਕੀਤੀ।

ਚੈਂਪੀਅਨਸ਼ਿਪ ਦੇ ਉਦਘਾਟਨੀ ਮੁਕਾਬਲੇ ਮੌਕੇ ਮੁੱਖ ਮਹਿਮਾਨ ਵਜੋਂ ਸਰਦਾਰ ਹਰਭਜਨ ਸਿੰਘ ਈ.ਟੀ.ਓ., ਕੈਬਨਿਟ ਮੰਤਰੀ, ਲੋਕ ਨਿਰਮਾਣ ਵਿਭਾਗ, ਪੰਜਾਬ ਸਰਕਾਰ, ਚੇਅਰਮੈਨ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਚੇਅਰਮੈਨ ਮਾਰਕੀਟ ਕਮੇਟੀ ਮਹਿਤਾ ਚੌਂਕ,ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਤੋਂ ਇਲਾਵਾ ਸਿਮਰਨਜੀਤ ਕੌਰ ਐੱਸ.ਐੱਚ.ਓ. ਮਹਿਤਾ ਅਤੇ ਸਰਪੰਚ ਮਹਿਤਾ ਚੌਂਕ ਸ੍ਰੀ ਅਜੇ ਗਾਂਧੀ ਜੀ, ਪ੍ਰਧਾਨ ਅਮਰ ਰਾਵਤ ਨੇ ਵੀ ਸਕੂਲ ਵਿਖੇ ਪਹੁੰਚ ਕੇ ਖਿਡਾਰੀਆਂ ਦਾ ਹੌਸਲਾ ਵਧਾਇਆ ਅਤੇ ਸਮਾਗਮ ਦੀ ਰੌਣਕ ਵਿੱਚ ਵਾਧਾ ਕੀਤਾ। ਇਸ ਮੌਕੇ ਸਰਦਾਰ ਹਰਭਜਨ ਸਿੰਘ ਈ.ਟੀ.ਓ. ਜੀ ਨੇ ਆਪਣੇ ਸੰਬੋਧਨ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਪਹੁੰਚੇ ਸਾਰੇ ਖਿਡਾਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਖਿਡਾਰੀਆਂ ਲਈ ਇਹ ਮਾਣ ਵਾਲੀ ਗੱਲ ਹੈ ਕਿ ਉਹ ਖਾਲਸਾ ਅਕੈਡਮੀ ਦੇ ਸ਼ਾਨਦਾਰ ਖੇਡ ਮੈਦਾਨ ਵਿੱਚ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਭਾਗ ਲੈ ਰਹੇ ਹਨ। ਉਨ੍ਹਾਂ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵੱਧ-ਚੜ੍ਹ ਕੇ ਭਾਗ ਲੈਣ ਅਤੇ ਆਪਣੇ ਸਰੀਰਕ ਤੇ ਮਾਨਸਿਕ ਵਿਕਾਸ ਵੱਲ ਵਿਸ਼ੇਸ਼ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵੱਖ-ਵੱਖ ਰਾਜਾਂ ਤੋਂ ਆਪਣੇ ਖਿਡਾਰੀਆਂ ਨੂੰ ਲੈ ਕੇ ਪਹੁੰਚੇ ਕੋਚ ਸਾਹਿਬਾਨ ਅਤੇ ਸਕੂਲ ਪ੍ਰਬੰਧਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਖਿਡਾਰੀਆਂ ਨੂੰ ਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਸਕੂਲ ਦੇ ਡਾਇਰੈਕਟਰ-ਕਮ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਪ੍ਰਿੰਸੀਪਲ ਸ. ਗੁਰਦੀਪ ਸਿੰਘ ਰੰਧਾਵਾ ਜਲਾਲ, ਸ. ਹਰਸ਼ਦੀਪ ਸਿੰਘ, ਪ੍ਰਿੰਸੀਪਲ ਦਸ਼ਮੇਸ਼ ਪਬਲਿਕ ਸਕੂਲ, ਕੋਚ ਸ. ਬਲਜਿੰਦਰ ਸਿੰਘ, ਕੋਚ ਸ. ਮਨਮੀਤ ਸਿੰਘ ਅਤੇ ਹੋਰ ਅਧਿਆਪਕ ਸਾਹਿਬਾਨ ਹਾਜ਼ਰ ਰਹੇ। ਉਨ੍ਹਾਂ ਨੇ ਖਿਡਾਰੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ ਅਤੇ ਜੇਤੂ ਟੀਮ ਨੂੰ ਮੁਬਾਰਕਬਾਦ ਦਿੰਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਪਹਿਲੇ ਦਿਨ ਦੇ ਮੁਕਾਬਲਿਆਂ ਨੇ ਖੇਡ ਪ੍ਰੇਮੀਆਂ ਅਤੇ ਖਿਡਾਰੀਆਂ ਵਿੱਚ ਨਵਾਂ ਉਤਸ਼ਾਹ ਪੈਦਾ ਕੀਤਾ ਅਤੇ ਖਾਲਸਾ ਅਕੈਡਮੀ ਦਾ ਖੇਡ ਮੈਦਾਨ ਹਾਕੀ ਦੇ ਜੋਸ਼ ਨਾਲ ਗੂੰਜਦਾ ਰਿਹਾ।

# ਬੰਦੀ ਸਿੰਘਾਂ ਦੀ ਰਿਹਾਈ 'ਤੇ ਸਰਕਾਰ ਦੀ ਚੁੱਪ 'ਤੇ ਸਵਾਲ—ਸਿੱਖਾਂ ਨੂੰ ਹੀ ਵਾਰ-ਵਾਰ ਇਨਸਾਫ਼ ਲਈ ਸੜਕਾਂ 'ਤੇ ਕਿਉਂ ਉਤਰਨਾ ਪੈਂਦਾ ਹੈ: ਬੀਬੀ ਰਣਜੀਤ ਕੌਰ



ਨਵੀਂ ਦਿੱਲੀ 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ): ਬੰਦੀ ਸਿੰਘਾਂ ਦੀ ਰਿਹਾਈ ਦਾ ਮੁੱਦਾ ਮੁੜ ਤਿੱਖਾ ਹੋ ਗਿਆ ਹੈ। ਦਿੱਲੀ ਗੁਰਦੁਆਰਾ ਕਮੇਟੀ ਦੀ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਸਰਕਾਰ ਦੀ ਚੁੱਪ 'ਤੇ ਗੰਭੀਰ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਜਿਹੜੇ ਬੰਦੀ ਸਿੰਘ ਆਪਣੀਆਂ ਕਾਨੂੰਨੀ ਸਜ਼ਾਵਾਂ ਤੋਂ ਵੀ ਵੱਧ ਸਮਾਂ ਜੇਲ੍ਹਾਂ ਵਿੱਚ ਬਿਤਾ ਚੁੱਕੇ ਹਨ, ਉਨ੍ਹਾਂ ਦੀ ਰਿਹਾਈ ਦਾ ਰਸਤਾ ਅਜੇ ਤੱਕ ਕਿਉਂ ਨਹੀਂ ਖੋਲ੍ਹਿਆ ਗਿਆ? ਜੇ ਕਾਨੂੰਨ ਅਤੇ ਰਹਿਮ ਦੀਆਂ ਵਿਵਸਥਾਵਾਂ ਹੋਰ ਕੈਦੀਆਂ ਲਈ ਮੌਜੂਦ ਹਨ ਤਾਂ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਇਹ ਪ੍ਰਕਿਰਿਆ ਇੰਨੀ ਲੰਮੀ ਅਤੇ ਪੇਚੀਦਾ ਕਿਉਂ ਬਣੀ ਹੋਈ ਹੈ? ਸਿੱਖ ਪੰਥ ਦੇ ਮਨ ਵਿੱਚ ਇਹ ਸਵਾਲ ਲਗਾਤਾਰ ਗੂੰਜ ਰਿਹਾ ਹੈ ਕਿ ਆਪਣੇ ਹੱਕਾਂ ਅਤੇ ਨਿਆਂ ਲਈ ਆਵਾਜ਼ ਉਠਾਉਣ ਵਾਲਿਆਂ ਨੂੰ ਆਖ਼ਰ ਕਦੋਂ ਤੱਕ ਜੇਲ੍ਹਾਂ ਵਿੱਚ ਰੱਖਿਆ ਜਾਵੇਗਾ? ਸਿੱਖਾਂ ਨੂੰ ਹੀ ਆਪਣੇ ਬੰਦਿਆਂ ਦੀ ਰਿਹਾਈ ਲਈ ਵਾਰ-ਵਾਰ ਸੜਕਾਂ 'ਤੇ ਕਿਉਂ ਉਤਰਨਾ ਪੈ ਰਿਹਾ ਹੈ? ਬੀਬੀ ਰਣਜੀਤ ਕੌਰ ਨੇ ਕਿਹਾ ਕਿ ਧਰਨੇ, ਮੁਜ਼ਾਹਰੇ ਅਤੇ ਮਾਰਚ ਕਿਸੇ ਸ਼ੌਕ ਦਾ ਹਿੱਸਾ ਨਹੀਂ, ਸਗੋਂ ਲੰਬੇ ਸਮੇਂ ਤੋਂ ਲਟਕ ਰਹੇ ਇਸ ਮਾਮਲੇ 'ਤੇ ਇਨਸਾਫ਼ ਦੀ ਮੰਗ ਉਠਾਉਣ ਦਾ ਜ਼ਰੀਆ ਬਣ ਚੁੱਕੇ ਹਨ। ਉਨ੍ਹਾਂ ਸਵਾਲ ਕੀਤਾ ਕਿ ਕੀ ਸਜ਼ਾ ਪੂਰੀ ਕਰਨ ਜਾਂ ਕਾਨੂੰਨੀ ਰਾਹਤ ਦੇ ਯੋਗ ਹੋਣ ਵਾਲੇ ਹਰ ਕੈਦੀ ਲਈ ਇੱਕੋ ਜਿਹੇ ਮਾਪਦੰਡ ਲਾਗੂ ਨਹੀਂ ਹੋਣੇ ਚਾਹੀਦੇ? ਜੇ ਨਿਆਂ ਦਾ ਪੈਮਾਨਾ ਇੱਕ ਹੈ ਤਾਂ ਉਸ ਦੀ ਵਰਤੋਂ ਵਿੱਚ ਇਹ ਫ਼ਰਕ ਕਿਉਂ ਦਿਖਾਈ ਦਿੰਦਾ ਹੈ? ਅਜਿਹੇ ਸਵਾਲ ਹੀ ਸਿੱਖ ਭਾਈਚਾਰੇ ਵਿੱਚ ਇਹ ਭਾਵਨਾ ਪੈਦਾ ਕਰ ਰਹੇ ਹਨ ਕਿ ਉਨ੍ਹਾਂ ਨਾਲ ਬਰਾਬਰੀ ਦਾ ਸਲੂਕ ਨਹੀਂ ਹੋ ਰਿਹਾ। ਬੀਬੀ ਰਣਜੀਤ ਕੌਰ ਨੇ ਸਰਕਾਰ ਨੂੰ ਸਪੱਸ਼ਟ ਸੁਨੇਹਾ ਦਿੰਦਿਆਂ ਕਿਹਾ ਕਿ ਹੁਣ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਨੂੰ ਹੋਰ ਲਟਕਾਉਣ ਦੀ ਬਜਾਏ ਹਰੇਕ ਕੇਸ ਦੀ ਕਾਨੂੰਨੀ ਸਥਿਤੀ ਦੀ ਤੁਰੰਤ ਸਮੀਖਿਆ ਕੀਤੀ ਜਾਵੇ। ਜਿਹੜੇ ਬੰਦੀ ਆਪਣੀਆਂ ਬਣਦੀਆਂ ਸਜ਼ਾਵਾਂ ਤੋਂ ਵੱਧ ਸਮਾਂ ਭੁਗਤ ਚੁੱਕੇ ਹਨ, ਉਨ੍ਹਾਂ ਲਈ ਰਿਹਾਈ ਦੀ ਪ੍ਰਕਿਰਿਆ ਤੁਰੰਤ ਅੱਗੇ ਵਧਾਈ ਜਾਵੇ। ਉਨ੍ਹਾਂ ਕਿਹਾ ਕਿ ਲੰਬੀ ਕੈਦ ਤੋਂ ਬਾਅਦ ਵੀ ਰਿਹਾਈ ਦਾ ਰਸਤਾ ਬੰਦ ਰੱਖਣਾ ਸਿਰਫ਼ ਇੱਕ ਪਰਿਵਾਰ ਜਾਂ ਇੱਕ ਵਿਅਕਤੀ ਦਾ ਦਰਦ ਨਹੀਂ—ਇਹ ਨਿਆਂ, ਬਰਾਬਰੀ ਅਤੇ ਮਨੁੱਖੀ ਅਧਿਕਾਰਾਂ ਨਾਲ ਜੁੜਿਆ ਵੱਡਾ ਸਵਾਲ ਹੈ। ਸਰਕਾਰ ਨੂੰ ਹੁਣ ਫ਼ੈਸਲਾ ਕਰਨਾ ਹੋਵੇਗਾ—ਕੀ ਬੰਦੀ ਸਿੰਘਾਂ ਦਾ ਮਾਮਲਾ ਵੀ ਉਸੇ ਨਿਆਂ ਦੇ ਪੈਮਾਨੇ 'ਤੇ ਤੋਲਾ ਜਾਵੇਗਾ, ਜਿਸ ਦੀ ਗੱਲ ਸੰਵਿਧਾਨ ਕਰਦਾ ਹੈ, ਜਾਂ ਸਿੱਖ ਪੰਥ ਨੂੰ ਆਪਣੀ ਆਵਾਜ਼ ਮੁੜ-ਮੁੜ ਸੜਕਾਂ 'ਤੇ ਬੁਲੰਦ ਕਰਨੀ ਪਵੇਗੀ?

# ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਮਨਾਇਆ ਇੰਟਰਨੈਸ਼ਨਲ ਬਜ਼ੁਰਗ ਦਿਵਸ





**ਤਲਵੰਡੀ ਸਾਬੋ, 01 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਮਾਨਯੋਗ ਸਿਵਿਲ ਸਰਜਨ ਡਾਕਟਰ ਤਪਿੰਦਰਜੋਤ ਕੌਸ਼ਲ ਦੀ ਰਹਿਨੁਮਾਈ ਹੇਠ ਅਤੇ ਸੀਨੀਅਰ ਮੈਡੀਕਲ ਅਫਸਰ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਡਾਕਟਰ ਰਵੀਕਾਂਤ ਗੁਪਤਾ ਦੀ ਅਗਵਾਈ ਹੇਠ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਇੰਟਰਨੈਸ਼ਨਲ ਬਜ਼ੁਰਗ ਦਿਵਸ ਮਨਾਇਆ ਗਿਆ। ਇਸ ਦੌਰਾਨ ਡਾਕਟਰ ਅਮਨਪ੍ਰੀਤ ਸਿੰਘ ਸੇਠੀ ਮੈਡੀਕਲ ਅਫਸਰ ਡਾਕਟਰ ਸ਼ਿਵਾਲੀ ਐਮਡੀ ਮੈਡੀਕਲ ਅਫਸਰ ਨੇ ਦੱਸਿਆ ਕਿ ਹਰ ਵਿਅਕਤੀ ਨੂੰ ਵਧਦੀ ਉਮਰ ਦੇ ਨਾਲ ਨਾਲ ਸਿਹਤ ਮੰਦ ਜੀਵਨ ਜਿਉਣ ਲਈ ਆਪਣੀ ਖੁਰਾਕ, ਬਿਮਾਰੀਆਂ ਤੋਂ ਬਚਾਓ, ਰੈਗੂਲਰ ਚੈੱਕ ਅਪ ਅਤੇ ਫਿਜੀਕਲ ਐਕਟੀਵਿਟੀ ਵੱਲ ਵਧੇਰੇ ਧਿਆਨ ਦੇਣ ਦੀ ਲੋੜ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਤੇ ਬਜ਼ੁਰਗਾਂ ਲਈ ਵਿਸ਼ੇਸ਼ ਚੈੱਕ ਅਪ ਕੈਂਪ ਲਗਾਏ ਜਾਂਦੇ ਹਨ, ਇਹਨਾਂ ਕੈਂਪਾਂ ਵਿੱਚ ਕੌਂਸਲਿੰਗ ਕੀਤੀ ਜਾਂਦੀ ਹੈ। ਹਰੇਕ ਵਿਅਕਤੀ ਨੂੰ ਇਹਨਾਂ ਕੈਂਪਾਂ ਵਿੱਚ ਆਪਣਾ ਚੈੱਕ ਅਪ ਕਰਵਾਉਣਾ ਚਾਹੀਦਾ ਹੈ ਤਾਂ ਜੋ ਸਮੇਂ ਸਮੇਂ ਤੇ ਸ਼ੂਗਰ, ਬੀ ਪੀ, ਦਿਮਾਗੀ ਸੰਤੁਲਨ, ਖ਼ੂਨ ਦੀ ਜਾਂਚ ਆਦਿ ਕਰਵਾ ਕੇ ਸਿਹਤ ਸਹੂਲਤਾਂ ਦਾ ਲਾਭ ਲੈਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਵਾਧੀ ਉਮਰ ਦੇ ਨਾਲ ਸਾਨੂੰ ਸਵੇਰ ਦੀ ਸੈਰ ਜਰੂਰ ਕਰਨੀ ਚਾਹੀਦੀ ਹੈ ਤਾਂ ਜੋ ਸਰੀਰ ਦੀ ਫਿਜੀਕਲ ਐਕਟੀਵਿਟੀ ਹੋ ਸਕੇ ਵਧੇਰੇ ਫਿਜੀਕਲ ਐਕਟੀਵਿਟੀ ਕਰਨ ਨਾਲ ਸਰੀਰ ਸਿਹਤਮੰਦ ਰਹਿੰਦਾ ਹੈ ਇਸ ਮੌਕੇ ਤੇ ਸਿਵਲ ਹਸਪਤਾਲ ਦਾ ਸਟਾਫ ਅਤੇ ਮਰੀਜ਼ ਹਾਜ਼ਰ ਸਨ।

# ਝੋਨੇ ਦੀ ਖਰੀਦ ਨੂੰ ਲੈ ਕੇ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ: ਸੰਸਦ ਮੈਂਬਰ ਚੱਬੇਵਾਲ

**ਹੁਸ਼ਿਆਰਪੁਰ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਅੱਜ ਦਾਣਾ ਮੰਡੀ ਹੁਸ਼ਿਆਰਪੁਰ ਵਿੱਚ ਝੋਨੇ ਦੀ ਖਰੀਦ ਦੀ ਸ਼ੁਰੂਆਤ ਕਰਵਾਈ। ਉਨ੍ਹਾਂ ਨੇ ਪਿੰਡ ਰਾਜਪੁਰ ਭਾਈਆਂ ਦੇ ਕਿਸਾਨ ਸੁਖਵਿੰਦਰ ਸਿੰਘ ਦੀ ਢੇਰੀ ਤੋਂ ਝੋਨੇ ਦੀ ਖਰੀਦ ਸ਼ੁਰੂ ਕਰਵਾਈ ਅਤੇ ਮੰਡੀਆਂ ਵਿੱਚ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ। ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੂਰੇ ਸੂਬੇ ਵਿੱਚ ਅੱਜ ਝੋਨੇ ਦੀ ਖਰੀਦ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਝੋਨੇ ਦੀ ਖਰੀਦ ਲਈ ਸਰਕਾਰ ਨੂੰ 43,786 ਕਰੋੜ ਰੁਪਏ ਦੀ ਸੀ.ਸੀ.ਐਲ. ਲਿਮਿਟ ਪ੍ਰਾਪਤ ਹੋ ਚੁੱਕੀ ਹੈ ਅਤੇ ਖਰੀਦ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ।

ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ

# 'ਅੱਖਰ' ਮੈਗਜ਼ੀਨ ਲੋਕ ਅਰਪਿਤ



**ਚੌਂਕ ਮਹਿਤਾ, 1 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਮੀਟਿੰਗ ਹਾਲ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ ।ਇਸ ਮੌਕੇ ਡਾ: ਵਿਕਰਮਜੀਤ ਸਿੰਘ ਦੁਆਰਾ ਸੰਪਾਦਿਤ ਕੀਤੇ ਜਾਣ ਵਾਲੇ ਮੈਗਜ਼ੀਨ 'ਅੱਖਰ' ਨੂੰ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ । ਇਸ ਮੌਕੇ ਸ਼੍ਰੋਮਣੀ ਸ਼ਾਇਰ ਡਾ: ਰਵਿੰਦਰ, ਡਾ: ਆਸਾ ਸਿੰਘ ਘੁੰਮਣ(ਸਰਪ੍ਰਸਤ ਸਿਰਜਣਾ ਕੇਂਦਰ ਕਪੂਰਥਲਾ), ਅਵਤਾਰ ਸਿੰਘ ਭੁੱਲਰ (ਸਾਬਕਾ ਏ.ਡੀ.ਸੀ.), ਡਾ: ਗੋਪਾਲ ਸਿੰਘ ਬੁੱਟਰ (ਸਹਾਇਕ ਸਕੱਤਰ ਦੇਸ਼ ਭਗਤ ਯਾਦਗਾਰ ਹਾਲ ਕਮੇਟੀ), ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ, ਮੀਤ ਪ੍ਰਧਾਨ ਸ: ਸ਼ੇਲਿੰਦਰਜੀਤ ਸਿੰਘ ਰਾਜਨ, ਦਫਤਰ ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਕਾਰਨੀ ਮੈਂਬਰ ਮਾ: ਮਨਜੀਤ ਸਿੰਘ ਵੱਸੀ ਅਤੇ ਡਾ: ਪਰਮਜੀਤ ਸਿੰਘ ਬਾਠ, ਡਾ: ਗਗਨ (ਪਧਾਨ ਮਝੈਲਾਂ ਦੀ ਸੱਥ), ਜਸਵਿੰਦਰ ਸਿੰਘ ਢਿੱਲੋਂ (ਪ੍ਰਧਾਨ ਪੰਜਾਬੀ ਸਾਹਿਤ ਸਭਾ ਅਤੇ ਸਭਿਆਚਾਰਕ ਕੇਂਦਰ ਤਰਨ ਤਾਰਨ), ਹਰਦਰਸ਼ਨ ਸਿੰਘ ਕਮਲ (ਜਨਰਲ ਸਕੱਤਰ ਮਜਲਸ), ਕੁਲਵਿੰਦਰ ਸਿੰਘ ਗਾਖਲ (ਪੰਜਾਬ ਸਾਹਿਤਕ ਮੰਚ ਜਲੰਧਰ), ਹਰਕੰਵਲਜੀਤ ਸਾਹਿਲ (ਸੰਪਾਦਕ 7 ਰੀਵਰ), ਡਾ: ਵਿਕਰਮਜੀਤ (ਸੰਪਾਦਕ ਅੱਖਰ), ਪ੍ਰੋ: ਬਖਤਾਵਰ ਧਾਲੀਵਾਲ (ਸੰਪਾਦਕ ਮੰਤਵ), ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ ਅਤੇ ਸੀ: ਮੀਤ ਪ੍ਰਧਾਨ ਮੱਖਣ ਭੈਣੀਵਾਲਾ ਨੇ 'ਅੱਖਰ' ਨੂੰ ਸਾਂਝੇ ਤੌਰ ਤੇ ਲੋਕ ਅਰਪਿਤ ਕੀਤਾ ਅਤੇ ਕਿਹਾ ਕਿ ਮਰਹੂਮ ਸ਼ਾਇਰ ਪਰਮਿੰਦਰਜੀਤ ਦੀਆਂ ਯਾਦਾਂ ਨੂੰ ਤਾਜਾ ਕਰਨ ਲਈ 'ਅੱਖਰ' ਟੀਮ ਵੱਲੋਂ ਨਿਰੰਤਰ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV

ਸਭੋ ਸਾਂਝੀਵਾਲ ਸੰਸਥਾ ਵੱਲੋਂ

# ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ



**ਬਘੇਲੇ ਵਾਲ਼ਾ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਹੀ ਸਾਲ ਤੋਂ ਹੋਂਦ ਵਿੱਚ ਆਈ ਪੰਜਾਬ ਪੱਧਰੀ ਸਮਾਜ ਸੇਵੀ ਜਥੇਬੰਦੀ "ਸੱਭੋ ਸਾਂਝੀਵਾਲ ਸੰਸਥਾ" ਵੱਖੋ ਵੱਖ ਪਿੰਡਾਂ ਦੀਆਂ ਸੱਥਾਂ ਅਤੇ ਸਕੂਲਾਂ ਵਿੱਚ ਜਾ ਕੇ "ਸਮਾਜਿਕ ਚੇਤਨਾ ਸਮਾਰੋਹ" ਕਰ ਰਹੀ ਹੈ । ਏਸੇ ਹੀ ਲੜੀ ਅਧੀਨ ਬੀਤੇ ਦਿਨੀਂ ਸ਼ਹੀਦ ਜੋਰਾ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਘੇਲੇ ਵਾਲ਼ਾ ਵਿਖੇ ਸਕੂਲ ਦੇ ਸਟਾਫ਼ , ਨਗਰ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ਼ ਰੂਬਰੂ ਸਮਾਗਮ ਕੀਤਾ ਗਿਆ , ਜਿਸ ਵਿੱਚ ਸੰਸਥਾ ਦੀ ਪ੍ਰਧਾਨ ਬੱਬਲਜੀਤ ਕੌਰ ਮੋਗਾ ਨੇ ਸੁਆਗਤੀ ਸ਼ਬਦਾਂ ਤੋਂ ਇਲਾਵਾ ਸੰਸਥਾ ਦੀ ਲੋੜ , ਜਥੇਬੰਦੀ ਦੇ ਉਦੇਸ਼ ਅਤੇ ਹੁਣ ਤੱਕ ਦੇ ਕੀਤੇ ਕੰਮਾਂ ਦਾ ਵੇਰਵਾ ਸਾਂਝਾ ਕੀਤਾ । ਇਸ ਤੋਂ ਉਪਰੰਤ ਸ. ਬਲਵਿੰਦਰ ਸਿੰਘ ਦੌਲਤਪੁਰਾ ਸੇਵਾ ਮੁਕਤ ਲੈਕਚਰਾਰ ਅਤੇ ਡਾ. ਅਜੀਤਪਾਲ ਸਿੰਘ ਜਟਾਣਾ ਜਿਲ੍ਹਾ ਭਾਸ਼ਾ ਅਫ਼ਸਰ ਵੱਲੋਂ ਮੁੱਖ ਬੁਲਾਰਿਆਂ ਵਜੋਂ ਆਪਣੇ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਸਮਾਜਿਕ ਕੁਰੀਤੀਆਂ ਬਾਰੇ ਸੁਚੇਤ ਕੀਤਾ ਗਿਆ ਅਤੇ ਵਿਗਿਆਨਕ ਸੋਚ ਅਪਣਾਉਂਣ , ਸਖ਼ਤ ਮਿਹਨਤ ਕਰਨ ਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਦਾ ਸਾਰਥਕ ਸੁਨੇਹਾ ਦਿੱਤਾ ਗਿਆ । ਬੱਚਿਆਂ ਅਤੇ ਨੌਜਵਾਨਾਂ ਨੂੰ ਉਨ੍ਹਾਂ ਦੀ ਸਮਾਜਿਕ ਜਿੰਮੇਂਵਾਰੀ , ਵਾਤਾਵਰਣ ਸੁਰੱਖਿਆ ਅਤੇ ਸਮਾਜ ਸੇਵਾ ਵਿੱਚ ਆਪਣਾ ਬਣਦਾ ਯੋਗਦਾਨ ਪਾਉਂਣ ਲਈ ਵੀ ਕਿਹਾ । ਸਭਾ ਦੇ ਅਹੁਦੇਦਾਰ ਪ੍ਰਿੰਸੀਪਲ ਅਵਤਾਰ ਸਿੰਘ ਕਰੀਰ ਨੇ ਵੀ ਆਪਣੇ ਤਜ਼ਰਬੇ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ ।

ਅਖ਼ੀਰ ਵਿੱਚ ਸਕੂਲ ਵਿਦਿਆਰਥੀਆਂ ਨੇ ਆਪਣੇ ਗੀਤ , ਕਵਿਤਾਵਾਂ ਅਤੇ ਕੋਰੀਓਗ੍ਰਾਫੀ ਰਾਹੀਂ ਹਾਜ਼ਰੀਨ ਦਾ ਮਨੋਰੰਜਨ ਕਰਦਿਆਂ ਚੰਗੇ ਸੇਧਦਾਇਕ ਸੁਨੇਹੇ ਵੀ ਦੇਣ ਦੀ ਕੋਸ਼ਿਸ਼ ਕੀਤੀ । ਸੰਸਥਾ ਵੱਲੋਂ ਸਕੂਲ ਦੇ ਪ੍ਰਿੰਸੀਪਲ ਸਾਹਿਬ ਅਤੇ ਪਿੰਡ ਦੀ ਸਰਪੰਚ ਸਾਹਿਬਾ ਸਮੇਤ ਸਮਾਗਮ ਵਿੱਚ ਯੋਗਦਾਨ ਦੇਣ ਵਾਲ਼ੇ ਨਗਰ ਨਿਵਾਸੀਆਂ ਨੂੰ ਸਰਟੀਫਿਕੇਟ ਅਤੇ ਸਾਹਿਤਕ ਕਿਤਾਬਾਂ ਭੇਂਟ ਕਰਕੇ ਫਲ਼ਦਾਰ ਬੂਟਿਆਂ ਦਾ ਲੰਗਰ ਲਗਾਇਆ ਅਤੇ ਸਕੂਲ ਸਟਾਫ਼ ਵੱਲੋਂ ਸੰਸਥਾ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ। ਮੰਚ ਸੰਚਾਲਨ ਦੀ ਜਿੰਮੇਂਵਾਰੀ ਜਨਰਲ ਸਕੱਤਰ ਮੂਲ ਚੰਦ ਸ਼ਰਮਾ ਰੰਚਣਾਂ ਵੱਲੋਂ ਬਾਖ਼ੂਬੀ ਨਿਭਾਈ ਗਈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਸਭਾ ਦੇ ਬਾਕੀ ਅਹੁਦੇਦਾਰ ਨਵਜੋਤ ਜੋਸ਼ੀ , ਰਾਹੁਲ ਸ਼ਰਮਾ ਅਤੇ ਨਿਰਮਲਜੀਤ ਕੌਰ ਡਰੋਲੀ ਭਾਈ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਇਲ ਇੰਸਟੀਚਿਊਟ ਆਫ਼ ਨਰਸਿੰਗ ਨੇ "ਵਿਸ਼ਵ ਦਿਲ ਦਿਵਸ" ਮੌਕੇ ਕੱਢੀ ਜਾਗਰੂਕਤਾ ਰੈਲੀ



**ਚੌਂਕ ਮਹਿਤਾ, 1 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-'ਵਿਸ਼ਵ ਦਿਲ' ਦਿਵਸ ਮੌਕੇ ਰਾਇਲ ਇੰਸਟੀਚਿਊਟ ਆਫ਼ ਨਰਸਿੰਗ, ਧਾਰੜ ਵੱਲੋਂ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਦਿਲ ਦੀਆਂ ਬਿਮਾਰੀਆਂ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਜਾਗਰੂਕਤਾ ਰੈਲੀ ਅਤੇ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ । ਇਸ ਮੌਕੇ ਨਰਸਿੰਗ ਵਿਦਿਆਰਥੀਆਂ ਨੇ ਵੱਧ ਤੋਂ ਵੱਧ ਲੋਕਾਂ ਨੂੰ ਦਿਲ ਦੀ ਸਿਹਤ ਪ੍ਰਤੀ ਸੁਚੇਤ ਰਹਿਣ, ਸਿਹਤਮੰਦ ਜੀਵਨਸ਼ੈਲੀ ਅਪਣਾਉਣ ਅਤੇ ਦਿਲ ਦੀਆਂ ਬਿਮਾਰੀਆਂ ਤੋਂ ਬਚਾਅ ਲਈ ਜ਼ਰੂਰੀ ਸਾਵਧਾਨੀਆਂ ਵਰਤਣ ਦਾ ਸੰਦੇਸ਼ ਦਿੱਤਾ । ਜਾਗਰੂਕਤਾ ਰੈਲੀ ਦੀ ਸ਼ੁਰੂਆਤ ਡਾ. ਨੀਰਜ ਭਾਟੀਆ ਐਸ.ਐਮ.ਓ. ਅਤੇ ਉਨ੍ਹਾਂ ਦੀ ਟੀਮ ਵੱਲੋਂ ਹਰੀ ਝੰਡੀ ਦਿਖਾ ਕੇ ਕੀਤੀ ਗਈ । ਇਸ ਮੌਕੇ ਡਾ. ਜਸਪ੍ਰੀਤ ਸਿੰਘ ਵਿਰਦੀ, ਬੀ.ਈ.ਈ. ਮਨਦੀਪ ਅਤੇ ਸੀ.ਐਚ.ਓ. ਮਨਪ੍ਰੀਤ ਸਮੇਤ ਸਿਹਤ ਵਿਭਾਗ ਦੀ ਟੀਮ ਮੌਜੂਦ ਰਹੀ । ਰੈਲੀ ਦੌਰਾਨ ਵਿਦਿਆਰਥੀਆਂ ਨੇ ਦਿਲ ਦੀਆਂ ਬਿਮਾਰੀਆਂ ਦੇ ਮੁੱਖ ਕਾਰਨਾਂ, ਲੱਛਣਾਂ, ਬਚਾਅ ਦੇ ਤਰੀਕਿਆਂ ਅਤੇ ਸਿਹਤਮੰਦ ਜੀਵਨਸ਼ੈਲੀ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ । ਇਸ ਜਾਗਰੂਕਤਾ ਮੁਹਿੰਮ ਨੂੰ ਕਾਮਯਾਬ ਬਣਾਉਣ ਵਿੱਚ ਡਾਇਰੈਕਟਰ ਬਰਜਿੰਦਰ ਸਿੰਘ ਅਤੇ ਮੈਨੇਜਿੰਗ ਡਾਇਰੈਕਟਰ ਨਿਰਮਲ ਸਿੰਘ ਦੀ ਅਗਵਾਈ ਅਤੇ ਸਹਿਯੋਗ ਰਿਹਾ । ਇਸ ਮੌਕੇ ਫੈਕਲਟੀ ਮੈਂਬਰ, ਅਸਿਸਟੈਂਟ ਪ੍ਰੋ: ਸਤਿੰਦਰਜੀਤ ਕੌਰ ਤੇ ਪ੍ਰੋ: ਪ੍ਰਭਜੀਤ ਕੌਰ, ਰਵਿੰਦਰ ਕੌਰ ਨਰਸਿੰਗ ਟਿਊਟਰ ਅਤੇ ਹੋਰ ਫੈਕਲਟੀ ਮੈਂਬਰਾਂ ਨੇ ਵੀ ਵਿਦਿਆਰਥੀਆਂ ਦੇ ਨਾਲ ਸਰਗਰਮੀ ਨਾਲ ਭਾਗ ਲਿਆ । । ਵਿਦਿਆਰਥੀਆਂ ਵੱਲੋਂ ਸਕਿੱਟ ਰਾਹੀਂ ਦਿਲ ਦੀਆਂ ਬਿਮਾਰੀਆਂ ਦੇ ਕਾਰਨਾਂ, ਲੱਛਣਾਂ, ਸਮੇਂ ਸਿਰ ਇਲਾਜ ਕਰਵਾਉਣ ਅਤੇ ਬਿਮਾਰੀ ਤੋਂ ਬਚਾਅ ਲਈ ਸਿਹਤਮੰਦ ਆਦਤਾਂ ਅਪਣਾਉਣ ਦਾ ਸੰਦੇਸ਼ ਪ੍ਰਭਾਵਸ਼ਾਲੀ ਢੰਗ ਨਾਲ ਦਿੱਤਾ ਗਿਆ । ਰੈਲੀ ਦਾ ਹਰਦੀਪ ਸਿੰਘ ਪ੍ਰਧਾਨ ਬਾਜ਼ਾਰ ਕਮੇਟੀ ਦੀ ਅਗਵਾਈ ਹੇਠ ਤਰਸੇਮ ਸਿੰਘ, ਤਰਸੇਮ ਸਿੰਘ ਬੱਬੂ, ਦਲਬੀਰ ਸਿੰਘ, ਸਵਰਨਜੀਤ ਸਿੰਘ ਕੰਬੋ, ਕੁਲਵਿੰਦਰ ਸਿੰਘ ਅਤੇ ਸੁਖਵਿੰਦਰ ਸਿੰਘ ਵੱਲੋਂ ਰਾਇਲ ਇੰਸਟੀਚਿਊਟ ਆਫ਼ ਨਰਸਿੰਗ ਦੇ ਡਾਇਰੈਕਟਰ ਬਰਜਿੰਦਰ ਸਿੰਘ ਅਤੇ ਮੈਨੇਜਿੰਗ ਡਾਇਰੈਕਟਰ ਨਿਰਮਲ ਸਿੰਘ ਦਾ ਸਨਮਾਨ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਿਰੋਪਾਓ ਭੇਟ ਕਰਕੇ ਸਵਾਗਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੀਆਂ ਜਾਗਰੂਕਤਾ ਗਤੀਵਿਧੀਆਂ ਦਾ ਮੁੱਖ ਉਦੇਸ਼ ਲੋਕਾਂ ਨੂੰ ਦਿਲ ਦੀ ਸਿਹਤ ਪ੍ਰਤੀ ਜਾਗਰੂਕ ਕਰਨਾ ਅਤੇ ਨੌਜਵਾਨ ਪੀੜ੍ਹੀ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਕਾਸ਼ੀ ਯੂਨੀਵਰਸਿਟੀ ਦੇ ਤੀਰਅੰਦਾਜ਼ ਕੁਸ਼ਲ ਦਲਾਲ ਨੇ ਏਸ਼ੀਆਈ ਖੇਡਾਂ ਵਿੱਚ ਸੋਨ ਤਗਮਾ ਦੇਸ਼ ਦੀ ਝੋਲੀ ਪਾਇਆ



**ਤਲਵੰਡੀ ਸਾਬੋ, 01 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਨਾਗੋਆ, ਜਾਪਾਨ ਵਿਖੇ ਚੱਲ ਰਹੀਆਂ ਏਸ਼ੀਆਈ ਖੇਡਾਂ ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਤੀਰ ਅੰਦਾਜ਼ ਕੁਸ਼ਲ ਦਲਾਲ ਨੇ ਕੰਪਾਊਂਡ ਤੀਰਅੰਦਾਜ਼ੀ ਟੀਮ ਇਵੈਂਟ ਦੇ ਫਾਈਨਲ ਰਾਊਂਡ ਵਿੱਚ 10/10 ਅੰਕ ਹਾਸਿਲ ਕਰਕੇ ਭਾਰਤ ਦੀ ਝੋਲੀ ਸੋਨ ਤਗਮਾ ਪਾਇਆ। ਦਲਾਲ ਨੇ ਆਪਣੇ ਸਾਥੀ ਖਿਡਾਰੀਆਂ ਸਾਹਿਲ ਯਾਦਵ, ਅਤੇ ਗਣੇਸ਼ ਮਣੀ ਰਤਨਮ ਥਿਰੁਮੁਰੂ ਦੀ ਮਦਦ ਨਾਲ ਚੀਨੀਂ ਤਿਕੜੀ ਜਿਆ-ਹਾਉ-ਲਿਆਉ, ਜਿਨਊ ਲਿਊ ਅਤੇ ਜਿੰਗਯੂ-ਸ਼ੀ ਨੂੰ ਬੇਹੱਦ ਸੰਘਰਸ਼ਪੂਰਨ ਅਤੇ ਨੇੜਲੇ ਮੁਕਾਬਲੇ ਵਿੱਚ 238-237 ਦੇ ਫਰਕ ਨਾਲ ਸ਼ਿਕਸਤ ਦਿੱਤੀ। ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਗੁਰਲਾਭ ਸਿੰਘ ਸਿੱਧੂ, ਚਾਂਸਲਰ ਅਤੇ ਸੁਖਰਾਜ ਸਿੰਘ ਸਿੱਧੂ ਪ੍ਰਬੰਧਕੀ ਨਿਰਦੇਸ਼ਕ ਨੇ ਕਿਹਾ ਕਿ ਵਰਸਿਟੀ ਦੇ ਤੀਰਅੰਦਾਜ਼ ਦਲਾਲ ਨੇ ਸੋਨ ਤਗਮਾ ਜਿੱਤ ਕੇ ਭਾਰਤ, ਇਲਾਕੇ ਅਤੇ ਵਰਸਿਟੀ ਦਾ ਨਾਮ ਰੌਸ਼ਨ ਕੀਤਾ ਹੈ। ਉਹਨਾਂ ਆਉਣ ਵਾਲੀਆਂ ਉਲਪਿੰਕ ਖੇਡਾਂ ਲਈ ਸਮੂਹ ਭਾਰਤੀ ਟੀਮ ਨੂੰ ਸ਼ੁਭ ਇਛਾਵਾਂ ਭੇਂਟ ਕੀਤੀਆਂ ਅਤੇ ਉਹਨਾਂ ਦੇ ਖੇਡ ਕੌਸ਼ਲ ਨੂੰ ਸੰਵਾਰਨ ਲਈ ਵਰਸਿਟੀ ਵੱਲੋਂ ਭਰਪੂਰ ਸਹਿਯੋਗ ਦੀ ਗੱਲ ਆਖੀ। ਡਾ. ਬਲਰਾਜ ਸਿੰਘ, ਵਾਈਸ ਚਾਂਸਲਰ ਨੇ ਦੱਸਿਆ ਕਿ ਇਹਨਾਂ ਤੀਰਅੰਦਾਜ਼ਾਂ ਨੇ ਸੰਘਰਸ਼-ਪੂਰਨ ਮੁਕਾਬਲੇ ਵਿੱਚ ਦਬਾਅ ਨੂੰ ਆਪਣੇ ਉੱਪਰ ਪ੍ਰਭਾਵੀ ਨਹੀਂ ਹੋਣ ਦਿੱਤਾ ਸਗੋਂ, ਸੰਜਮ, ਹੌਂਸਲੇ ਅਤੇ ਇਕਾਗਰਤਾ ਸਦਕਾ ਇਹ ਸ਼ਾਨਾਮੱਤੀ ਪ੍ਰਾਪਤੀ ਕੀਤੀ। ਉਹਨਾਂ ਦੱਸਿਆ ਕਿ ਵਰਸਿਟੀ ਪ੍ਰਬੰਧਕਾਂ ਵੱਲੋਂ ਇਲਾਕੇ ਦੇ ਖਿਡਾਰੀਆਂ ਨੂੰ ਖੇਡਾਂ ਨਾਲ ਜੋੜਨ ਅਤੇ ਇਲਾਕੇ ਵਿੱਚੋਂ ਨਸ਼ੇ ਵਰਗੀ ਨਾ-ਮੁਰਾਦ ਕੁਰੀਤੀ ਨੂੰ ਦੂਰ ਕਰਨ ਲਈ ਕਈ ਖੇਡ ਅਕਾਦਮੀਆਂ ਰਾਹੀਂ ਤੰਦਰੁਸਤੀ ਲਈ ਸ਼ੁਰੂਆਤ ਕੀਤੀ ਗਈ ਹੈ ਅਤੇ ਵੱਡਾ ਸ਼ਾਨਦਾਰ, ਆਧੁਨਿਕ ਸੁਵਿਧਾਵਾਂ ਨਾਲ ਲੈਸ ਖੇਡ ਕੰਪਲੈਕਸ ਵੀ ਖਿਡਾਰੀਆਂ ਨੂੰ ਸਮਰਪਿਤ ਕੀਤਾ ਗਿਆ ਹੈ। ਇਸ ਮੌਕੇ ਡਾ. ਬਲਵਿੰਦਰ ਕੁਮਾਰ ਸ਼ਰਮਾ, ਡਾਇਰੈਕਟਰ ਸਪੋਰਟਸ ਨੇ ਯੂਨੀਵਰਸਿਟੀ ਪ੍ਰਬੰਧਕਾਂ, ਕੋਚ ਵਿਪਿਨ ਕੰਬੋਜ਼, ਵਰਸਿਟੀ ਅਧਿਕਾਰੀਆਂ ਵੱਲੋਂ ਮਿਲੇ ਸਹਿਯੋਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਰਸਿਟੀ ਦੇ ਇੱਕ ਹੋਰ ਅਲੁਮਨੀ ਖਿਡਾਰੀ ਗੁਰਿੰਦਰਵੀਰ ਸਿੰਘ ਨੇ 4×100 ਰਿਲੇਅ-ਦੌੜ ਵਿੱਚ ਭਾਰਤ ਲਈ ਕਾਂਸੇ ਦਾ ਤਗਮਾ ਜਿੱਤਿਆ ਹੈ। ਉਹਨਾਂ ਇਹ ਵੀ ਦੱਸਿਆ ਕਿ ਵਰਸਿਟੀ ਵੱਲੋਂ ਦਿੱਤੀਆਂ ਜਾਂਦੀਆਂ ਖੇਡ ਸਹੂਲਤਾਂ ਕਾਰਨ ਅਤੇ ਪਾਏਦਾਰ ਕੋਚਿੰਗ ਸਦਕਾ ਵਰਸਿਟੀ ਦੀਆਂ ਖਿਡਾਰਣਾਂ ਗਿਆਨਸ਼ੇਵਰੀ ਯਾਦਵ ਤੇ ਤਲਵਾਰਬਾਜ਼ ਨਾਰੋ ਮੀਨਾ ਦੇਵੀ ਨੇ ਜਾਪਾਨ ਏਸ਼ੀਆਈ ਖੇਡਾਂ ਵਿੱਚ ਭਾਰਤ ਦੀ ਪ੍ਰਤੀਨਿਧੀਤਾ ਕੀਤੀ ਹੈ। ਉਹਨਾਂ ਦੱਸਿਆ ਕਿ ਭਵਿੱਖ ਵਿੱਚ 'ਵਰਸਿਟੀ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਇਹਨਾਂ ਚਾਰ ਖਿਡਾਰੀਆਂ ਨੂੰ ਸਨਮਾਨਿਤ ਕਰਨ ਲਈ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕਰਨ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਕੈਲੀਫੋਰਨੀਆ ਦੇ ਟਰੇਸੀ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਭਾਈ ਅਵਤਾਰ ਸਿੰਘ ਬੁੱਲਟ ਕਤਲ ਕੇਸ 'ਚ ਵੱਡਾ ਖੁਲਾਸਾ**

# 3 ਕਾਤਲਾਂ ਦੀ ਪਛਾਣ, £50,000 ਦਾ ਇਨਾਮ




**ਟਰੇਸੀ, ਕੈਲੀਫੋਰਨੀਆ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕੁਝ ਮਹੀਨੇ ਪਹਿਲਾਂ ਕੈਲੀਫੋਰਨੀਆ ਦੇ ਟਰੇਸੀ ਸਥਿਤ ਗੁਰਦੁਆਰਾ ਗੁਰੂ ਨਾਨਕ ਪ੍ਰਕਾਸ਼ ਵਿਖੇ ਲੰਗਰ ਦੀ ਸੇਵਾ ਨਿਭਾਅ ਰਹੇ 57 ਸਾਲਾ ਭਾਈ ਅਵਤਾਰ ਸਿੰਘ ਬੁੱਲਟ ਨੂੰ ਦਿਨ-ਦਿਹਾੜੇ ਅਗਵਾ

ਆਵਾਜ਼ਿ ਕੌਮ AWAZE QAUM International Newspaper & WEB TV



ਕਰਕੇ ਕਤਲ ਕਰ ਦਿੱਤੇ ਜਾਣ ਵਾਲੇ ਮਾਮਲੇ 'ਚ ਸੈਨ ਜੁਆਨ ਕਾਉਂਟੀ ਸ਼ੈਰਿਫ਼ ਡਿਪਾਰਟਮੈਂਟ ਨੇ ਵੱਡੀ ਅਪਡੇਟ ਦਿੱਤੀ ਹੈ। ਸ਼ੈਰਿਫ਼ ਵਿਭਾਗ ਨੇ ਪ੍ਰੈੱਸ ਕਾਨਫਰੰਸ 'ਚ ਦੱਸਿਆ ਕਿ ਕਤਲ ਕਰਨ ਵਾਲੇ ਤਿੰਨ ਵਿਅਕਤੀਆਂ ਦੀ ਪਛਾਣ ਕਰ ਲਈ ਗਈ ਹੈ। ਉਹਨਾਂ ਦੇ ਨਾਂ ਹਨ - ਅਲਬਰਟੋ ਅਲੇਂਕਾਸਟਰੋ (25), ਅਲਫੋਂਸੋ ਸੇਗੁਰਾ (20) ਅਤੇ ਬਾਰਨਾਬੇ ਸੇਗੁਰਾ (22)। ਤਿੰਨੋਂ ਹੀ ਕੈਲੀਫੋਰਨੀਆ ਦੇ ਵਲੇਹੋ ਸ਼ਹਿਰ ਦੇ ਰਹਿਣ ਵਾਲੇ ਹਨ ਅਤੇ ਇਹਨਾਂ ਦੇ ਤਾਰ ਮੈਕਸੀਕੋ ਨਾਲ ਜੁੜੇ ਹਨ। ਤਿੰਨੋਂ ਇਸ ਵੇਲੇ ਫਰਾਰ ਹਨ ਅਤੇ ਹਥਿਆਰਬੰਦ ਤੇ ਖਤਰਨਾਕ ਹਨ। ਪੁਲਿਸ ਨੇ ਅਪੀਲ ਕੀਤੀ ਹੈ ਕਿ ਜੇ ਕਿਸੇ ਕੋਲ ਇਹਨਾਂ ਬਾਰੇ ਕੋਈ ਜਾਣਕਾਰੀ ਹੋਵੇ ਤਾਂ ਤੁਰੰਤ ਸ਼ੈਰਿਫ਼ ਡਿਪਾਰਟਮੈਂਟ ਨਾਲ ਸਾਂਝੀ ਕੀਤੀ ਜਾਵੇ।

**ਭੁਲੇਖੇ 'ਚ ਹੋਇਆ ਕਤਲ**-ਜਾਂਚ 'ਚ ਖੁਲਾਸਾ ਹੋਇਆ ਹੈ ਕਿ ਭਾਈ ਅਵਤਾਰ ਸਿੰਘ ਅਸਲ ਨਿਸ਼ਾਨਾ ਨਹੀਂ ਸਨ। ਕਾਤਲ ਕਿਸੇ ਹੋਰ ਵਿਅਕਤੀ ਦੇ ਭੁਲੇਖੇ 'ਚ ਉਹਨਾਂ ਨੂੰ ਅਗਵਾ ਕਰਕੇ ਲੈ ਗਏ ਅਤੇ ਬਾਅਦ 'ਚ ਲੇਕ ਬੇਰੀਏਸਾ ਨੇੜੇ ਕਤਲ ਕਰ ਦਿੱਤਾ।

**ਕੌਣ ਸਨ ਭਾਈ ਅਵਤਾਰ ਸਿੰਘ ਬੁੱਲਟ ?**

ਭਾਈ ਅਵਤਾਰ ਸਿੰਘ ਪਿਛਲੇ 23 ਸਾਲਾਂ ਤੋਂ ਗੁਰਦੁਆਰਾ ਸਾਹਿਬ ਵਿਖੇ ਲੰਗਰ ਦੇ ਮੁੱਖ ਸੇਵਾਦਾਰ ਵਜੋਂ ਨਿਸ਼ਕਾਮ ਸੇਵਾ ਕਰ ਰਹੇ ਸਨ। ਉਹ ਆਪਣੀ ਨਿਮਰਤਾ ਅਤੇ ਸੇਵਾ ਭਾਵਨਾ ਲਈ ਸਾਰੇ ਟਰੇਸੀ 'ਚ ਜਾਣੇ ਜਾਂਦੇ ਸਨ। ਸਿੱਖ ਕਮਿਊਨਿਟੀ ਨੇ ਕਾਤਲਾਂ ਨੂੰ ਫੜਾਉਣ ਲਈ £50,000 ਡਾਲਰ ਦਾ ਇਨਾਮ ਰੱਖਿਆ ਸੀ। ਹੁਣ ਪਛਾਣ ਹੋਣ ਤੋਂ ਬਾਅਦ ਆਸ ਹੈ ਕਿ ਕਾਤਲ ਜਲਦੀ ਫੜੇ ਜਾਣਗੇ ਅਤੇ ਪਰਿਵਾਰ ਨੂੰ ਇਨਸਾਫ਼ ਮਿਲੇਗਾ।

**ਸਾਉਣੀ ਸੀਜ਼ਨ ਦੀ ਸੁਚਾਰੂ ਖਰੀਦ ਲਈ**

# ਧੂਰੀ ਦੀ ਨਵੀਂ ਅਨਾਜ ਮੰਡੀ ਵਿਖੇ ਧਾਰਮਿਕ ਸਮਾਗਮ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਾਉਣੀ ਦੇ ਸੀਜ਼ਨ ਦੀ ਆਮਦ ਅਤੇ ਨਵੀਂ ਅਨਾਜ ਮੰਡੀ ਧੂਰੀ ਦੀ ਚੜ੍ਹਦੀ ਕਲਾ ਨੂੰ ਮੁੱਖ ਰੱਖਦਿਆਂ ਆੜ੍ਹਤੀ ਐਸੋਸੀਏਸ਼ਨ ਧੂਰੀ ਵੱਲੋਂ ਨਵੀਂ ਅਨਾਜ ਮੰਡੀ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਅਤੇ ਕਿਸਾਨਾਂ, ਮਜ਼ਦੂਰਾਂ, ਆੜ੍ਹਤੀਆਂ ਅਤੇ ਸਮੁੱਚੇ ਇਲਾਕੇ ਦੀ ਖੁਸ਼ਹਾਲੀ ਤੇ ਸੁੱਖ-

## ਸਾਉਣੀ ਸੀਜ਼ਨ ਦੀ ਸੁਚਾਰੂ ਖਰੀਦ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਪੁਖ਼ਤਾ ਪ੍ਰਬੰਧ : ਓ.ਐਸ.ਡੀ. ਸੁਖਵੀਰ ਸਿੰਘ



ਸ਼ਾਂਤੀ ਲਈ ਅਰਦਾਸ ਕੀਤੀ ਗਈ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਨਤਮਸਤਕ ਹੁੰਦਿਆ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਸਾਉਣੀ ਦਾ ਸੀਜ਼ਨ ਕਿਸਾਨਾਂ ਅਤੇ ਖੇਤੀਬਾੜੀ ਨਾਲ ਜੁੜੇ ਹਰੇਕ ਵਰਗ ਲਈ ਮਹੱਤਵਪੂਰਨ ਹੁੰਦਾ ਹੈ ਅਤੇ ਪੰਜਾਬ ਸਰਕਾਰ ਵੱਲੋਂ ਸੀਜ਼ਨ ਦੌਰਾਨ ਕਿਸਾਨਾਂ ਨੂੰ ਸੁਚਾਰੂ ਮੰਡੀਕਰਨ ਸਹੂਲਤਾਂ ਮੁਹੱਈਆ ਕਰਵਾਉਣ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਅਤੇ ਮੰਡੀ ਨਾਲ ਸਿੱਧੇ ਜਾਂ ਅਸਿੱਧੇ ਤੌਰ 'ਤੇ ਜੁੜੇ ਸਾਰੇ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਫ਼ਸਲ ਦੀ ਆਮਦ, ਖਰੀਦ, ਲਿਫਟਿੰਗ ਅਤੇ ਹੋਰ ਮੰਡੀਕਰਨ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਬੰਧਤ ਵਿਭਾਗਾਂ ਵੱਲੋਂ ਆਪਸੀ ਤਾਲਮੇਲ ਨਾਲ ਕੰਮ ਕੀਤਾ ਜਾ ਰਿਹਾ ਹੈ। ਓ.ਐਸ.ਡੀ. ਨੇ ਕਿਹਾ ਕਿ ਧੂਰੀ ਦੀ ਨਵੀਂ ਅਨਾਜ ਮੰਡੀ ਖੇਤਰ ਦੀ ਖੇਤੀਬਾੜੀ ਆਰਥਿਕਤਾ ਦਾ ਮਹੱਤਵਪੂਰਨ ਕੇਂਦਰ ਹੈ। ਇਸ ਲਈ ਮੰਡੀ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਮੰਡੀਕਰਨ ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਬਣਾਉਣਾ ਸਾਰੇ ਸਬੰਧਤ ਭਾਈਵਾਲਾਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਸਮੂਹ ਆੜ੍ਹਤੀਆਂ, ਕਿਸਾਨਾਂ ਅਤੇ ਮੰਡੀ ਨਾਲ ਜੁੜੇ ਵਰਗਾਂ ਨੂੰ ਸ਼ੁਰੂ ਹੋਏ ਸੀਜ਼ਨ ਦੌਰਾਨ ਆਪਸੀ ਸਹਿਯੋਗ ਅਤੇ ਤਾਲਮੇਲ ਨਾਲ ਕੰਮ ਕਰਨ ਦੀ ਅਪੀਲ ਕੀਤੀ। ਉਨ੍ਹਾਂ ਆਸ ਪ੍ਰਗਟਾਈ ਕਿ ਗੁਰੂ ਸਾਹਿਬ ਦੀ ਕਿਰਪਾ ਅਤੇ ਸਮੂਹ ਭਾਈਵਾਲਾਂ ਦੇ ਸਹਿਯੋਗ ਨਾਲ ਸਾਉਣੀ ਦਾ ਸੀਜ਼ਨ ਸੁਚਾਰੂ ਢੰਗ ਨਾਲ ਨੇਪਰੇ ਚੜ੍ਹੇਗਾ ਅਤੇ ਕਿਸਾਨਾਂ ਨੂੰ ਆਪਣੀ ਫ਼ਸਲ ਦੀ ਵਿਕਰੀ ਸਬੰਧੀ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਰਣਯੋਧ ਸਿੰਘ ਕਾਂਝਲਾ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਗਗਨ ਜਵੰਧਾ, ਆੜ੍ਹਤੀ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ, ਐਸੋਸੀਏਸ਼ਨ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆੜ੍ਹਤੀਏ ਅਤੇ ਇਲਾਕਾ ਨਿਵਾਸੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਐੱਸ.ਜੀ.ਪੀ.ਸੀ ਦਾ ਕੰਮਜ਼ੋਰ ਪ੍ਰਧਾਨ ਸੀ.ਬੀ.ਆਈ ਦੀ ਜਾਂਚ ਰਾਹੀਂ ਖੁਦ ਹੀ ਸੰਸਥਾ ਵਿੱਚ ਸਰਕਾਰੀ ਦਖਲ ਨੂੰ ਸੱਦਾ ਦਾ ਰਿਹੈ- ਸ ਧਾਂਦਰਾ, ਸ ਕੰਧੋਲਾ

**ਚੰਡੀਗੜ੍ਹ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸੀਨੀਅਰ ਆਗੂਆਂ ਸ ਭਰਪੂਰ ਸਿੰਘ ਧਾਂਦਰਾ ਅਤੇ ਸ ਹਰਬੰਸ ਸਿੰਘ ਕੰਧੋਲਾ ਨੇ ਇਕ ਸਾਂਝੇ ਬਿਆਨ ਰਾਹੀਂ ਦੋਸ਼ ਲਗਾਇਆ



ਸ. ਹਰਬੰਸ ਸਿੰਘ ਕੰਧੋਲਾ



ਸ. ਭਰਪੂਰ ਸਿੰਘ ਧਾਂਦਰਾ

ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਕੰਮਜ਼ੋਰ ਪ੍ਰਧਾਨ ਆਪਣੀ ਕੰਮਜ਼ੋਰੀ ਛੁਪਾਉਣ ਸ੍ਰੀ ਅਨੰਦਪੁਰ ਸਾਹਿਬ ਵਿੱਚ ਹੋਏ ਸੋਸ਼ਣ ਦੀ ਸੀਬੀਆਈ ਜਾਂਚ ਦੀ ਮੰਗ ਕਰ ਰਿਹਾ ਹੈ। ਦੋਹਾਂ ਆਗੂਆਂ ਨੇ ਕਿਹਾ ਕਿ ਜਦੋਂ 328 ਸਰੂਪਾਂ ਵਿੱਚ ਹੋਈ ਘਪਲੇਬਾਜ਼ੀ ਲਈ ਸੰਗਤਾਂ ਦੀ ਮੰਗ 'ਤੇ ਐਫ ਆਈ ਆਰ ਦਰਜ ਕਰਕੇ ਸਰਕਾਰ ਨੇ ਜਾਂਚ ਸ਼ੁਰੂ ਕੀਤੀ ਸੀ ਤਾਂ ਇਸੇ ਪ੍ਰਧਾਨ ਨੇ ਜਥੇਦਾਰ ਅਕਾਲ ਤਖਤ ਸਾਹਿਬ ਨੂੰ ਸਰਕਾਰ ਨਾਲ ਟਕਰਾਅ ਵਿੱਚ ਪਾਉਣ ਲਈ ਇਹ ਆਦੇਸ਼ ਜਾਰੀ ਕਰਵਾ ਲਿਆ ਸੀ ਕਿ ਸਰਕਾਰ ਨਾਲ ਸਹਿਯੋਗ ਨਾ ਕੀਤਾ ਜਾਵੇ। ਫਿਰ ਹੁਣ ਉਹ ਕਿਸ ਮੂੰਹ ਨਾਲ ਇਹ ਮੰਗ ਕਰ ਰਹੇ ਹਨ ਕਿ ਆਨੰਦਪੁਰ ਸਾਹਿਬ ਵਿੱਚ ਵਾਪਰੇ ਘਟਨਾਕ੍ਰਮ ਦੀ ਜਾਂਚ ਸੀਬੀਆਈ ਤੋਂ ਕਰਵਾਈ ਜਾਵੇ ? ਕੀ ਗੁਰਦੁਆਰਾ ਪ੍ਰਬੰਧ ਵਿੱਚ ਇਹ ਸਰਕਾਰ ਦੀ ਦਖਲ ਅੰਦਾਜੀ ਨਹੀਂ ਹੋਵੇਗੀ ? ਸ਼ਾਇਦ ਪ੍ਰਧਾਨ ਜੀ 2015 ਵਿੱਚ ਬਾਦਲ ਸਰਕਾਰ ਦੇ ਬੇਅਦਬੀ ਮਾਮਲੇ ਵਿੱਚ ਲਏ ਫੈਸਲੇ ਤੋਂ ਪ੍ਰਭਾਵਿਤ ਹੋ ਕੇ ਇਹ ਮੰਗ ਕਰ ਰਹੇ ਹਨ ਕਿਉਂਕਿ ਉਦੋਂ ਮਾਮਲਾ ਸੀ ਬੀ ਆਈ ਨੂੰ ਸੌਂਪ ਦਿੱਤਾ ਗਿਆ ਸੀ ਜਿਸ ਨੇ ਕੋਈ ਸਬੂਤ ਨਾ ਹੋਣ ਬਾਰੇ ਕਹਿ ਕੇ ਅਦਾਲਤ ਵਿੱਚ ਕਲੋਜ਼ਰ ਰਿਪੋਰਟ ਦੇ ਦਿੱਤੀ ਸੀ। ਦੋਹਾਂ ਆਗੂਆਂ ਨੇ ਬਿਆਨ ਵਿੱਚ ਅੱਗੇ ਕਿਹਾ ਕਿ ਇਸ ਕੇਸ ਵਿੱਚ ਛੁਪੀ ਹੋਈ ਕਿਹੜੀ ਗੱਲ ਹੈ ਜਿਸ ਬਾਰੇ ਸੀਬੀਆਈ ਦੀ ਜਾਂਚ ਲੋੜੀਂਦੀ ਹੈ। ਸਾਰਾ ਕੁਝ ਤਾਂ ਚਿੱਟੇ ਦਿਨ ਵਾਂਗ ਸਾਫ ਹੈ ਕਿ ਗੁਰੂ ਘਰ ਦੇ ਪ੍ਰਬੰਧਕ ਸਾਜਿਸ਼ੀ ਬਣਕੇ ਅਤਿ ਘਟੀਆ ਕਿਰਦਾਰ ਨਿਭਾਅ ਰਹੇ ਸਨ। ਜੇ ਪ੍ਰਧਾਨ ਜੀ ਵਾਕਈ ਸੁਹਿਰਦਤਾ ਨਾਲ ਸੱਚ ਸਾਹਮਣੇ ਲਿਆਉਣਾ ਚਾਹੁੰਦੇ ਹਨ ਤਾਂ ਬੀਬੀ ਕਿਰਨਜੋਤ ਕੌਰ ਦੀ ਅਗਵਾਈ ਹੇਠ ਇਕ ਤਿੰਨ ਮੈਂਬਰੀ ਕਮੇਟੀ ਬਣਾਵੇ ਜੋ ਦੋ ਦਿਨ ਵਿੱਚ ਜਾਂਚ ਕਰੇ ਕਿ ਜਿਸ ਬੀਬੀ ਦੇ ਮਾੜੇ ਕਿਰਦਾਰ ਬਾਰੇ ਸਾਰਾ ਬਾਦਲ ਦਲ ਸਬੂਤ ਦੇ ਰਿਹਾ ਹੈ, ਉਸਨੂੰ ਵੀ ਆਈ ਪੀ ਸਰਾਂ ਵਿੱਚ ਕਮਰਾ, ਡਰਾਈਵਰ ਸਮੇਤ ਗੱਡੀ ਅਤੇ ਧਰਮ ਪ੍ਰਚਾਰ ਫੰਡ ਚੋਂ ਪੈਸਾ ਕਿਉਂ ਦਿੱਤਾ ਗਿਆ ? ਇਹ ਸੱਚ ਲੱਭਣਾ ਕਿੰਨਾ ਕੁ ਮੁਸ਼ਿਕਲ ਹੈ ਜਿਸ ਬਾਰੇ ਪ੍ਰਧਾਨ ਜੀ ਖੁਦ ਵੀ ਚੰਗੀ ਤਰਾਂ ਜਾਣਦੇ ਹਨ। ਕਿਉਂਕਿ ਇਕ ਲੱਖ ਦੀ ਰਕਮ ਉਹਨਾਂ ਦੀ ਮਨਜੂਰੀ ਤੋਂ ਬਿਨਾ ਦਿੱਤੀ ਹੀ ਨਹੀਂ ਜਾ ਸਕਦੀ। ਏਸੇ ਕਰਕੇ ਉਹਨਾਂ ਨੇ ਵਿਰੋਧੀ ਧਿਰ ਦੇ ਮੈਂਬਰਾਂ ਉਤੇ ਸ੍ਰੀ ਅਕਾਲ ਤਖਤ ਸਾਹਿਬ ਰਾਹੀਂ ਪਾਬੰਦੀ ਲਗਵਾ ਕੇ ਐਗਜੈਕਟਿਵ ਦੀ ਮੀਟਿੰਗ ਤੋਂ ਬਾਹਰ ਕੱਢ ਦਿੱਤਾ ਕਿ ਕੋਈ ਸਵਾਲ ਵੀ ਨਾ ਪੁੱਛ ਸਕੇ। ਦੋਹਾਂ ਆਗੂਆਂ ਨੇ ਸਲਾਹ ਦੇਂਦਿਆਂ ਕਿਹਾ ਕਿ ਧਾਮੀ ਸਾਬ! ਸਾਰਾ ਕੁਝ ਲੋਕਾਂ ਦੇ ਸਾਹਮਣੇ ਹੈ, ਇਸ ਵੱਡੇ ਘੱਗਰ ਨੂੰ ਤੁਸੀਂ ਰਫੂ ਨਹੀਂ ਕਰ ਸਕਦੇ। ਇਸ ਲਈ ਅਸਤੀਫਾ ਦੇ ਕੇ ਉਸੇ ਤਰਾਂ ਘਰ ਨੂੰ ਚਲੇ ਜਾਓ ਜਿਵੇਂ ਤੁਸੀਂ ਭਰਤੀ ਕਮੇਟੀ ਨੂੰ ਖੁਰਦ ਬੁਰਦ ਕਰਨ ਲਈ ਕੀਤਾ ਸੀ। ਕਿਉਂਕਿ ਤੁਹਾਡੇ ਮਕਾਰਪੁਣੇ ਨੂੰ ਸਮਝਣ ਵਾਲੀਆਂ ਸੰਗਤਾਂ ਤੁਹਾਡੇ ਘਰ ਤੱਕ ਪਹੁੰਚ ਗਈਆਂ ਹਨ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਰਜਿਸਟ੍ਰੇਸ਼ਨ ਦੀ ਦੇਰੀ ਨਾਲ ਹੌਸਲੇ ਨਹੀਂ ਟੁੱਟਣਗੇ, 2027 ਦੀਆਂ ਚੋਣਾਂ 'ਚ ਉਤਰਾਂਗੇ: ਇਆਲੀ

**ਚੰਡੀਗੜ੍ਹ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ (ਵਾਰਿਸ ਪੰਜਾਬ ਦੇ) ਦੀ ਸਿਆਸੀ ਪਾਰਟੀ ਵਜੋਂ ਰਜਿਸਟ੍ਰੇਸ਼ਨ ਨੂੰ ਲੈ ਕੇ ਚੱਲ ਰਹੇ ਵਿਵਾਦ ਦਰਮਿਆਨ ਪਾਰਟੀ ਦੇ ਸੀਨੀਅਰ ਆਗੂ ਅਤੇ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਕਿਹਾ ਹੈ ਕਿ ਕਿਸੇ ਵੀ ਤਰ੍ਹਾਂ ਦੇ ਅੜਿੱਕੇ ਪਾਰਟੀ ਦੇ ਹੌਸਲੇ ਨਹੀਂ ਤੋੜ ਸਕਦੇ ਅਤੇ ਪਾਰਟੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੈਦਾਨ ਵਿੱਚ ਉਤਰ ਕੇ ਲੋਕਾਂ ਦੀ ਆਵਾਜ਼ ਬਣੇਗੀ। ਇਆਲੀ ਨੇ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ 'ਅਕਾਲੀ ਦਲ (ਵਾਰਿਸ ਪੰਜਾਬ ਦੇ)' ਦੀ ਰਜਿਸਟ੍ਰੇਸ਼ਨ ਵਿੱਚ ਕੀਤੀ ਜਾ ਰਹੀ ਦੇਰੀ ਕਾਰਨ ਦੇਸ਼-ਵਿਦੇਸ਼ ਵਿੱਚ ਵੱਸਦੀ ਸਿੱਖ ਸੰਗਤ ਅਤੇ ਪਾਰਟੀ ਦੇ ਸਮਰਥਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀਆਂ ਅਤੇ ਖ਼ਾਸ ਕਰਕੇ ਸਿੱਖਾਂ ਨੇ ਦੇਸ਼ ਦੀ ਆਜ਼ਾਦੀ ਵਿੱਚ ਵੱਡਾ ਯੋਗਦਾਨ ਪਾਇਆ ਹੈ, ਪਰ ਆਜ਼ਾਦੀ ਤੋਂ ਬਾਅਦ ਵੀ ਕਈ ਮੌਕਿਆਂ 'ਤੇ ਪੰਜਾਬ ਅਤੇ ਸਿੱਖਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਹੋਣ ਦੇ ਦੋਸ਼ ਲੱਗਦੇ ਰਹੇ ਹਨ। ਪਾਰਟੀ ਦੀ ਰਜਿਸਟ੍ਰੇਸ਼ਨ ਲਈ ਅਰਜ਼ੀ 22 ਜਨਵਰੀ 2025 ਨੂੰ ਦਿੱਤੀ ਗਈ ਸੀ। ਰਜਿਸਟ੍ਰੇਸ਼ਨ ਸਬੰਧੀ ਫ਼ੈਸਲਾ ਨਾ ਹੋਣ ਤੋਂ ਬਾਅਦ ਪਾਰਟੀ ਵੱਲੋਂ ਦਿੱਲੀ ਹਾਈ ਕੋਰਟ ਦਾ ਰੁਖ਼ ਕੀਤਾ ਗਿਆ। ਅਦਾਲਤ ਨੇ 1 ਜੁਲਾਈ 2026 ਦੇ ਹੁਕਮ ਵਿੱਚ ਚੋਣ ਕਮਿਸ਼ਨ ਨੂੰ ਨੋਟਿਸ ਜਾਰੀ ਕਰਦਿਆਂ ਜਵਾਬ ਦਾਖ਼ਲ ਕਰਨ ਲਈ ਕਿਹਾ ਸੀ। ਇਸ ਮਾਮਲੇ ਵਿੱਚ ਚੋਣ ਕਮਿਸ਼ਨ ਨੇ ਦਿੱਲੀ ਹਾਈ ਕੋਰਟ ਨੂੰ ਦੱਸਿਆ ਹੈ ਕਿ ਪਾਰਟੀ ਦੀ ਰਜਿਸਟ੍ਰੇਸ਼ਨ ਸਬੰਧੀ ਕੌਮੀ ਸੁਰੱਖਿਆ ਨਾਲ ਜੁੜੀਆਂ ਕੁਝ ਚਿੰਤਾਵਾਂ ਦੀ ਜਾਂਚ ਕੀਤੀ ਜਾ ਰਹੀ ਹੈ। ਕਮਿਸ਼ਨ ਮੁਤਾਬਕ ਅਰਜ਼ੀ 'ਤੇ ਵਿਚਾਰ-ਪ੍ਰਕਿਰਿਆ ਜਾਰੀ ਹੈ। ਇਸਦੇ ਜਵਾਬ ਵਿੱਚ ਇਆਲੀ ਨੇ ਚੋਣ ਕਮਿਸ਼ਨ ਦੇ ਇਤਰਾਜ਼ਾਂ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਜੇ ਪਾਰਟੀ ਦੀਆਂ ਗਤੀਵਿਧੀਆਂ ਕੌਮੀ ਸੁਰੱਖਿਆ ਲਈ ਖ਼ਤਰਾ ਹਨ ਤਾਂ ਕਮਿਸ਼ਨ ਇਸ ਸਬੰਧੀ ਕੋਈ ਉਦਾਹਰਨ ਸਾਹਮਣੇ ਲਿਆਵੇ। ਉਨ੍ਹਾਂ ਦੋਸ਼ ਲਾਇਆ ਕਿ ਪਾਰਟੀ ਨੂੰ ਚੋਣ ਮੁਕਾਬਲੇ ਵਿੱਚ ਉਤਰਨ ਤੋਂ ਪਹਿਲਾਂ ਹੀ ਬਾਹਰ ਰੱਖਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਹ ਦੋਸ਼ ਪਾਰਟੀ ਦਾ ਪੱਖ ਹਨ। ਇਆਲੀ ਨੇ ਕਿਹਾ ਕਿ ਉਨ੍ਹਾਂ ਨੂੰ ਦੇਸ਼ ਦੀ ਨਿਆਂਪਾਲਿਕਾ 'ਤੇ ਪੂਰਾ ਭਰੋਸਾ ਹੈ ਅਤੇ ਉਮੀਦ ਹੈ ਕਿ ਅਦਾਲਤੀ ਪ੍ਰਕਿਰਿਆ ਰਾਹੀਂ ਜਲਦ ਇਨਸਾਫ਼ ਮਿਲੇਗਾ ਅਤੇ ਪਾਰਟੀ ਦੀ ਰਜਿਸਟ੍ਰੇਸ਼ਨ ਦਾ ਰਸਤਾ ਸਾਫ਼ ਹੋਵੇਗਾ। ਪਾਰਟੀ ਆਗੂਆਂ ਮੁਤਾਬਕ 'ਅਕਾਲੀ ਦਲ (ਵਾਰਿਸ ਪੰਜਾਬ ਦੇ)' ਵੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਜਾਰੀ ਹਨ। ਹਾਲਾਂਕਿ ਅਗਸਤ 2026 ਤੱਕ ਪਾਰਟੀ ਨੂੰ ਚੋਣ ਕਮਿਸ਼ਨ ਵੱਲੋਂ ਰਸਮੀ ਰਜਿਸਟ੍ਰੇਸ਼ਨ ਜਾਂ ਚੋਣ ਨਿਸ਼ਾਨ ਨਹੀਂ ਮਿਲਿਆ ਸੀ। ਪਾਰਟੀ ਵੱਲੋਂ ਕਿਹਾ ਗਿਆ ਹੈ ਕਿ ਰਜਿਸਟ੍ਰੇਸ਼ਨ ਦੀ ਕਾਨੂੰਨੀ ਪ੍ਰਕਿਰਿਆ ਆਪਣੀ ਥਾਂ ਹੈ, ਪਰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਉਸ ਦੀਆਂ ਸਿਆਸੀ ਤਿਆਰੀਆਂ ਜਾਰੀ ਰਹਿਣਗੀਆਂ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੇ

# ਵਿਦਿਆਰਥੀਆਂ ਦੀ ਹੋਈ ਸਟੇਟ ਪੱਧਰ 'ਤੇ ਚੋਣ








**ਬਰਨਾਲਾ (ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ (ਬਰਨਾਲਾ) ਦੇ ਵਿਦਿਆਰਥੀਆਂ ਨੇ ਖੇਡਾਂ ਵਤਨ ਪੰਜਾਬ ਦੀਆਂ ਵਿੱਚੋ ਪੁਜੀਸ਼ਨਾਂ ਹਾਸਲ ਕਰਕੇ ਜਿੱਥੇ ਆਪਣਾ ਨਾਮ ਰੌਸ਼ਨ ਕੀਤਾ ਉੱਥੇ ਸਕੂਲ ਅਤੇ ਆਪਣੇ ਮਾਪਿਆਂ ਦਾ ਵੀ ਨਾਮ ਰੌਸ਼ਨ ਕੀਤਾ ਹੈ। ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਕਿਹਾ ਕਿ ਲਕਸ਼ਦੀਪ ਕੌਰ ਨੇ ਸ਼ਾਟਪੁੱਟ ਵਿੱਚੋ ਪਹਿਲਾਂ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਸਾਹਿਬਦੀਪ ਸਿੰਘ ਨੇ ਸ਼ਾਟ ਪੁੱਟ ਵਿਚ ਤੀਸਰਾ ਸਥਾਨ ਹਾਸਿਲ ਕੀਤਾ। ਗਗਨਦੀਪ ਕੌਰ ਅਤੇ ਰੁਪਿੰਦਰ ਕੌਰ ਦੀ ਖੋਹ ਖੋਹ ਵਿੱਚ ਸਟੇਟ ਪੱਧਰ ਤੇ ਚੋਣ ਹੋਈ ਹੈ। ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਅੱਗੇ ਕਿਹਾ ਕਿ ਸਾਨੂੰ ਬੱਚਿਆਂ ਤੇ ਬਹੁਤ ਮਾਣ ਹੈ, ਸਾਡੇ ਸਕੂਲ ਦੇ ਬੱਚੇ ਪੜ੍ਹਾਈ ਦੇ ਨਾਲ ਨਾਲ ਖੇਡਾਂ ਦੇ ਖੇਤਰ ਵਿਚ ਬਹੁਤ ਵੱਡੀਆਂ ਮੱਲਾਂ ਮਾਰ ਰਹੇ ਹਨ। ਉਹਨਾਂ ਦੱਸਿਆ ਕਿ ਸਾਡੇ ਸਕੂਲ ਦੇ ਵਿਦਿਆਰਥੀ ਹਰੇਕ ਖੇਡ ਮੁਕਾਬਲੇ ਵਿੱਚ ਚੰਗਾ ਪ੍ਰਦਰਸ਼ਨ ਕਰਦੇ ਆ ਰਹੇ ਹਨ। ਅੰਤ ਵਿੱਚ ਉਨ੍ਹਾਂ ਬੱਚਿਆਂ ਨੂੰ ਮੁਬਾਰਕਾਂ ਦਿੱਤੀਆਂ ਤੇ ਬੱਚਿਆਂ ਨੂੰ ਅੱਗੇ ਵਧਣ ਲਈ ਥਾਪੜਾ ਦਿੱਤਾ, ਇਸ ਮੌਕੇ ਸਕੂਲ ਸਟਾਫ਼ ਵਿੱਚ ਮੈਡਮ ਗੁਰਪ੍ਰੀਤ ਕੌਰ, ਮੈਡਮ ਆਸ਼ੂ ਵਰਮਾ ,ਰਮਨਜੀਤ ਕੌਰ, ਪ੍ਰਦੀਪ ਕੌਰ, ਅਮਨਦੀਪ ਕੌਰ, ਹਰਪ੍ਰੀਤ ਕੌਰ, ਲਵਪ੍ਰੀਤ ਕੌਰ, ਸੁਖਪ੍ਰੀਤ ਕੌਰ, ਅਮਨਦੀਪ ਕੌਰ, ਕਮਲਜੀਤ ਕੌਰ, ਮਨਦੀਪ ਕੌਰ, ਰਜਨੀਸ਼ ਕੌਰ, ਸੁਖਮੀਤ ਕੌਰ ,ਲਛਮਨੀ ,ਰਮਨਦੀਪ ਕੌਰ ਅਤੇ ਸਕੂਲ ਦੇ ਹੋਰ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੇ ਵੀ ਬੱਚਿਆਂ ਨੂੰ ਮੁਬਾਰਕਾਂ ਦਿੱਤੀਆਂ।

**ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਬੱਚਿਆਂ ਨੂੰ ਦਿੱਤੀਆਂ ਮੁਬਾਰਕਾਂ**

ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਜਗਾ ਰਾਮ ਤੀਰਥ ਵਿਖੇ 25ਵਾਂ ਕ੍ਰਿਕਟ ਟੂਰਨਾਮੈਂਟ ਵਿੱਚ

# ਖਿਡਾਰੀਆਂ ਨੂੰ ਹੌਸਲਾ ਦੇਣ ਲਈ ਪਹੁੰਚੇ ਸ. ਰਵੀਪ੍ਰੀਤ ਸਿੰਘ ਸਿੱਧੂ







**ਤਲਵੰਡੀ ਸਾਬੋ, 01 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਹਲਕਾ ਤਲਵੰਡੀ ਸਾਬੋ ਤੋਂ ਸ਼੍ਰੋਮਣੀ ਅਕਾਲੀ ਬਾਦਲ ਦੇ ਹਲਕਾ ਤਲਵੰਡੀ ਸਾਬੋ ਤੋਂ ਮੁੱਖ ਸੇਵਾਦਾਰ ਸ. ਰਵੀਪ੍ਰੀਤ ਸਿੰਘ ਸਿੱਧੂ ਪਿੰਡ ਜਗਾ ਰਾਮ ਤੀਰਥ ਦੇ ਸਟੇਡੀਅਮ ਵਿੱਚ ਚੱਲ ਰਹੇ 25ਵੇਂ ਕ੍ਰਿਕਟ ਟੂਰਨਾਮੈਂਟ ਵਿੱਚ ਖਿਡਾਰੀਆਂ ਨੂੰ ਹੌਸਲਾ ਦੇਣ ਲਈ ਪਹੁੰਚੇ। ਉਨਾਂ ਦੇ ਪਹੁੰਚਣ 'ਤੇ ਟੂਰਨਾਮੈਂਟ ਕਮੇਟੀ ਦੇ ਮੈਂਬਰਾਂ ਵੱਲੋਂ ਜੀ ਆਇਆ ਕਿਹਾ ਗਿਆ ਗਿਆ ਤੇ ਉਹਨਾਂ ਨੂੰ ਯਾਦਗਾਰ ਚਿੰਨ ਦੇ ਕੇ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਰਵੀਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਮੈਨੂੰ ਬਹੁਤ ਖ਼ੁਸ਼ੀ ਹੁੰਦੀ ਹੈ ਕਿ ਪਿੰਡਾਂ ਦੇ ਖੇਡ ਮੈਦਾਨਾਂ ਵਿੱਚ ਨੌਜਵਾਨਾਂ ਦਾ ਇਹ ਕੰਮ ਜੋਸ਼ ਖੇਡਾਂ ਦੇਖ ਕੇ ਮਨ ਬਹੁਤ ਖੁਸ਼ ਹੁੰਦਾ ਹੈ ਖੇਡਾਂ ਹੀ ਸਾਡੇ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਕੁਰੀਤੀ ਤੋਂ ਦੂਰ ਰੱਖ ਸਕਦੀਆਂ ਹਨ। ਉਹਨਾਂ ਕਿਹਾ ਕਿ ਸਾਰੇ ਪਿੰਡਾਂ ਦੇ ਨੌਜਵਾਨਾਂ ਨੂੰ ਆਪਣੇ ਆਪਣੇ ਪਿੰਡਾਂ ਵਿੱਚ ਖੇਡਾਂ ਕਰਾਉਣੀਆਂ ਚਾਹੀਦੀਆਂ ਹਨ ਤਾਂ ਕਿ ਨਸ਼ਿਆਂ ਤੋਂ ਦੂਰ ਰਹਿ ਕੇ ਨੌਜਵਾਨ ਤੰਦਰੁਸਤ ਅਤੇ ਆਉਣ ਵਾਲੀ ਪੀੜੀ ਨੂੰ ਵੀ ਖੇਡਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਹੈ। ਉਹਨਾਂ ਅਖੀਰ ਵਿੱਚ ਟੂਰਨਾਮੈਂਟ ਪ੍ਰਬੰਧਕ ਕਮੇਟੀ ਅਤੇ ਪਿੰਡ ਵਾਸੀਆਂ ਦਾ ਬਹੁਤ ਬਹੁਤ ਧੰਨਵਾਦ ਕੀਤਾ ਉਹਨਾਂ ਕਿਹਾ ਕਿ ਜਿਨਾਂ ਨੇ ਮੈਨੂੰ ਇੱਥੇ ਆਉਣ 'ਤੇ ਮਾਣ ਬਖਸ਼ਿਆ ਮੈਂ ਸਾਰੇ ਹੀ ਪਿੰਡ ਵਾਸੀਆਂ ਅਤੇ ਟੂਰਨਾਮੈਂਟ ਕਮੇਟੀ ਦਾ ਬਹੁਤ ਬਹੁਤ ਧੰਨਵਾਦ ਕਰਦਾ ਹਾਂ। ਇਸ ਮੌਕੇ ਉਹਨਾਂ ਨਾਲ ਸਰਕਲ ਪ੍ਰਧਾਨ ਜਸਵਿੰਦਰ ਸਿੰਘ ਜੈਲਦਾਰ, ਗੁਰਪ੍ਰੀਤ ਸਿੰਘ ਆਦੀ, ਸੁਖਵਿੰਦਰ ਸਿੰਘ, ਗੁਰਪ੍ਰੀਤ ਚੋਟੀਆ ਸੋਹਣ ਸਿੰਘ ਟੈਂਟ ਹਾਊਸ, ਨਛੱਤਰ ਚਹਿਲ, ਰੇਸ਼ਮ ਡਾਕਟਰ ਨੀਲਾ ਸਿੰਘ ਅਤੇ ਟੂਰਨਾਮੈਂਟ ਕਮੇਟੀ ਦੇ ਮੈਂਬਰ ਹਰਪ੍ਰੀਤ ਸਿੰਘ, ਮਨਦੀਪ ਮੈਡੀ, ਅਮਰ ਸਿੰਘ ਅਤੇ ਹੋਰ ਬਹੁਤ ਸਾਰੇ ਨੌਜਵਾਨ ਪਿੰਡ ਵਾਸੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨੈਸ਼ਨਲ ਅਕਾਲੀ ਦਲ ਵੱਖ-ਵੱਖ ਸਮਾਜਿਕ ਮੁੱਦਿਆਂ 'ਤੇ ਚਲਾਏਗਾ ਜਾਗਰੂਕਤਾ ਮੁਹਿੰਮ



**ਨਵੀਂ ਦਿੱਲੀ, 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਨੈਸ਼ਨਲ ਅਕਾਲੀ ਦਲ ਦੀ ਰਾਸ਼ਟਰੀ ਕਾਰਜਕਾਰਣੀ ਦੀ ਮੀਟਿੰਗ ਦਲ ਦੇ ਰਾਸ਼ਟਰੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਰਾਸ਼ਟਰੀ ਸਕੱਤਰ ਵਿਕ੍ਰਾਂਤ ਮੋਹਨ, ਮਹਿਲਾ ਵਿੰਗ ਦੀ ਰਾਸ਼ਟਰੀ ਪ੍ਰਧਾਨ ਭਾਵਨਾ ਧਵਨ, ਸੋਸ਼ਲ ਵਿੰਗ ਦੀ ਰਾਸ਼ਟਰੀ ਪ੍ਰਧਾਨ ਰਸ਼ਮੀਤ ਕੌਰ ਬਿੰਦਰਾ, ਦਿੱਲੀ ਪ੍ਰਦੇਸ਼ ਪ੍ਰਧਾਨ ਕੁਲਦੀਪ ਸਿੰਘ ਮਰਵਾਹ, ਉਪ ਪ੍ਰਧਾਨ ਵਰਿੰਦਰ ਆਰਿਆ ਸਮੇਤ ਕਾਰਜਕਾਰਣੀ ਦੇ ਕਈ ਮੈਂਬਰ ਹਾਜ਼ਰ ਸਨ। ਮੀਟਿੰਗ ਦੌਰਾਨ ਸੰਗਠਨ ਦੀਆਂ ਆਉਣ ਵਾਲੀਆਂ ਗਤੀਵਿਧੀਆਂ ਅਤੇ ਵੱਖ-ਵੱਖ ਸਮਾਜਿਕ ਤੇ ਲੋਕਹਿਤ ਦੇ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਰਾਸ਼ਟਰੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਕਾਰਜਕਾਰਣੀ ਦੀ ਮੀਟਿੰਗ ਵਿੱਚ ਕਈ ਅਹਿਮ ਫੈਸਲੇ ਲਏ ਗਏ ਹਨ ਅਤੇ ਨੈਸ਼ਨਲ ਅਕਾਲੀ ਦਲ ਦੀ ਟੀਮ ਲੋਕਹਿਤ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਲਗਾਤਾਰ ਮੁਹਿੰਮ ਚਲਾਏਗੀ। ਪੰਮਾ ਨੇ ਕਿਹਾ ਕਿ ਆਨਲਾਈਨ ਗੇਮਿੰਗ ਦੇ ਵਿਰੁੱਧ ਧਰਨੇ ਅਤੇ ਪ੍ਰਦਰਸ਼ਨ ਕੀਤੇ ਜਾਣਗੇ। ਇਸ ਦੇ ਨਾਲ ਹੀ ਸਮੇਂ-ਸਮੇਂ 'ਤੇ ਸਕੂਲਾਂ ਅਤੇ ਕਾਲਜਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਆਨਲਾਈਨ ਗੇਮਿੰਗ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਲੋੜਵੰਦ ਲੋਕਾਂ ਦੀ ਸਮੇਂ-ਸਮੇਂ 'ਤੇ ਸਹਾਇਤਾ ਕਰਨ, ਮਹਿਲਾ ਸੁਰੱਖਿਆ ਅਤੇ ਸਾਈਬਰ ਕ੍ਰਾਈਮ ਸਬੰਧੀ ਜਾਗਰੂਕਤਾ ਮੁਹਿੰਮ ਚਲਾਉਣ ਤੋਂ ਇਲਾਵਾ ਵੱਖ-ਵੱਖ ਥਾਵਾਂ 'ਤੇ ਮੈਡੀਕਲ ਕੈਂਪ ਲਗਾਉਣ ਦਾ ਵੀ ਫੈਸਲਾ ਕੀਤਾ ਗਿਆ ਹੈ। ਪੰਮਾ ਨੇ ਕਿਹਾ ਕਿ ਆਨਲਾਈਨ ਗੇਮਿੰਗ ਕਾਰਨ ਬੱਚਿਆਂ ਦੀਆਂ ਅੱਖਾਂ ਅਤੇ ਸਿਹਤ 'ਤੇ ਪੈਣ ਵਾਲੇ ਪ੍ਰਭਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਸ਼ੇਸ਼ ਅੱਖਾਂ ਦੀ ਜਾਂਚ ਲਈ ਆਈ ਕੈਂਪ ਵੀ ਲਗਾਏ ਜਾਣਗੇ। ਇਸ ਤੋਂ ਇਲਾਵਾ ਬਿਰਧ ਆਸ਼ਰਮਾਂ ਅਤੇ ਅਨਾਥ ਆਸ਼ਰਮਾਂ ਵਿੱਚ ਜਾ ਕੇ ਸੇਵਾ ਕਰਨ ਅਤੇ ਲੋੜਵੰਦਾਂ ਦੀ ਮਦਦ ਕਰਨ ਦਾ ਵੀ ਪ੍ਰੋਗਰਾਮ ਉਲੀਕਿਆ ਗਿਆ ਹੈ। ਨੈਸ਼ਨਲ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਦਲ ਵੱਲੋਂ ਸਮੇਂ-ਸਮੇਂ 'ਤੇ ਲੋਕਾਂ ਨਾਲ ਜੁੜੇ ਵੱਖ-ਵੱਖ ਮੁੱਦਿਆਂ ਨੂੰ ਪ੍ਰਸ਼ਾਸਨ ਅਤੇ ਸਰਕਾਰ ਦੇ ਸਾਹਮਣੇ ਉਠਾਇਆ ਜਾਂਦਾ ਰਹੇਗਾ, ਤਾਂ ਜੋ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪ੍ਰਭਾਵਸ਼ਾਲੀ ਯਤਨ ਕੀਤੇ ਜਾ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

# ਖੱਜਲ ਖੁਆਰੀ ਤੋਂ ਬਚਣ ਲਈ ਕਿਸਾਨ ਸੁੱਕਾ ਝੋਨਾਂ ਮੰਡੀ ਲਿਆਉਣ : ਚੇਅਰਮੈਨ ਉਸਮਾਂ



**ਚੌਂਕ ਮਹਿਤਾ, 1 ਅਕਤੂਬਰ ,(ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੰਡੀ ਮਹਿਤਾ ਵਿਖੇ ਝੋਨੇ ਦੀ ਸਰਕਾਰੀ ਖਰੀਦ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਅਤੇ ਕਿਸਾਨਾਂ ਨੂੰ ਹਰ ਸੰਭਵ ਸਹੂਲਤ ਮੁਹੱਈਆ ਕਰਵਾਉਣ ਲਈ ਮਾਰਕੀਟ ਕਮੇਟੀ ਮਹਿਤਾ ਵੱਲੋਂ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਲਖਵਿੰਦਰ ਸਿੰਘ ਠੇਕੇਦਾਰ ਸਰਪੰਚ ਉਸਮਾਂ ਨੇ ਅੱਜ ਮਾਰਕੀਟ ਕਮੇਟੀ ਦੇ ਦਫ਼ਤਰ ਵਿਖੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ 1 ਅਕਤੂਬਰ ਤੋਂ ਪੰਜਾਬ ਭਰ ਵਿੱਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋ ਰਹੀ ਹੈ ਅਤੇ ਇਸ ਨੂੰ ਮੁੱਖ ਰੱਖਦਿਆਂ ਮੰਡੀ ਵਿੱਚ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਚੇਅਰਮੈਨ ਲਖਵਿੰਦਰ ਸਿੰਘ ਠੇਕੇਦਾਰ ਨੇ ਇਲਾਕੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਝੋਨੇ ਦੀ ਫ਼ਸਲ ਚੰਗੀ ਤਰ੍ਹਾਂ ਸੁਕਾ ਕੇ ਹੀ ਮੰਡੀ ਵਿੱਚ ਲੈ ਕੇ ਆਉਣ। ਉਨ੍ਹਾਂ ਕਿਹਾ ਕਿ 17 ਫੀਸਦੀ ਨਮੀਂ ਵਾਲਾ ਸੁੱਕਾ ਝੋਨਾ ਲਿਆਉਣ ਨਾਲ ਖਰੀਦ ਪ੍ਰਕਿਰਿਆ ਸੁਚਾਰੂ ਰਹੇਗੀ ਅਤੇ ਕਿਸਾਨਾਂ ਨੂੰ ਫ਼ਸਲ ਵੇਚਣ ਸਮੇਂ ਬੇਲੋੜੀ ਦੇਰੀ ਤੇ ਪ੍ਰੇਸ਼ਾਨੀ ਤੋਂ ਬਚਣ ਵਿੱਚ ਮਦਦ ਮਿਲੇਗੀ। ਇਸ ਮੌਕੇ ਪ੍ਰਧਾਨ ਸੁਖਦੇਵ ਸਿੰਘ ਬੁੱਟਰ, ਪ੍ਰਧਾਨ ਗੁਰਮੁਖ ਸਿੰਘ ਔਜਲਾ ਡੇਅਰੀਵਾਲ, ਸਰਪੰਚ ਅਰਮਿੰਦਰਬੀਰ ਸਿੰਘ ਘੁਹਾਟਵਿੰਡ, ਸਰਪੰਚ ਬਲਜੀਤ ਸਿੰਘ ਸੈਦੋਕੇ ਅਤੇ ਆੜਤੀਏ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਤਖ਼ਤ ਸਚਖੰਡ ਸ਼੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਕਰਵਾਇਆ ਗਿਆ ਰੂਹਾਨੀ ਬਾਣੀ ਸ਼ਬਦ ਜਾਪ ਸਮਾਗਮ ਤੇ ਰੈਣ ਸਬਾਈ ਕੀਰਤਨ



ਫ਼ਿਰੋਜ਼ਪੁਰ, 01 ਅਕਤੂਬਰ (ਮਨੋਹਰ ਲਾਲ) :— ਤਖ਼ਤ ਸਚਖੰਡ ਸ਼੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਰਾੜਾ ਸਾਹਿਬ ਅਤੇ ਨਾਨਕਸਰ ਵਾਲੇ ਮਹਾਂਪੁਰਖਾਂ ਦੀ ਯਾਦ ਨੂੰ ਸਮਰਪਿਤ ਵਿਸ਼ੇਸ਼ ਬਾਣੀ ਸ਼ਬਦ ਜਾਪ ਸਮਾਗਮ ਅਤੇ ਰੈਣ ਸਬਾਈ ਕੀਰਤਨ ਬਹੁਤ ਹੀ ਸ਼ਰਧਾ ਤੇ ਭਾਵਨਾ ਨਾਲ ਕਰਵਾਇਆ ਗਿਆ। ਇਹ ਰੂਹਾਨੀ ਸਮਾਗਮ 30 ਸਤੰਬਰ 2026 (ਦਿਨ ਬੁੱਧਵਾਰ) ਨੂੰ ਰਾਤ 9 ਵਜੇ ਤੋਂ ਪ੍ਰਭਾਤ 1:00 ਵਜੇ ਤੱਕ ਆਯੋਜਿਤ ਕੀਤਾ ਗਿਆ। ਸਮਾਗਮ ਦੌਰਾਨ ਵੱਖ—ਵੱਖ ਸੰਪਰਦਾਵਾਂ ਦੇ ਮਹਾਂਪੁਰਖਾਂ ਅਤੇ ਕੀਰਤਨੀ ਜੱਥਿਆਂ ਵੱਲੋਂ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਗਈ ਅਤੇ ਸੰਗਤਾਂ ਨੂੰ ਗੁਰਬਾਣੀ ਜਸ ਨਾਲ ਜੋੜਿਆ ਗਿਆ। ਸਮਾਗਮ ਵਿੱਚ ਹਾਜ਼ਰੀ ਭਰਨ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਵਿਚ ਬਾਬਾ ਅਮਰਜੀਤ ਸਿੰਘ ਨਿਜ਼ਾਮਪੁਰ, ਭਾਈ ਬਰਜਿੰਦਰ ਸਿੰਘ ਪਰਵਾਨਾ, ਭਾਈ ਜੋਰਾਵਰ ਸਿੰਘ ਹੋਤੀ ਮਰਦਾਨਬਾਬਾ ਸੰਤੋਖ ਸਿੰਘ (ਲੁਧਿਆਣਾ), ਭਾਈ ਮਨਪ੍ਰੀਤ ਸਿੰਘ (ਬਾਬਾ ਮਨੀ), ਬਾਬਾ ਅਜੀਤਪਾਲ ਸਿੰਘ ਪਾਲੀ ਗੋਬਿੰਦ ਨਗਰ ਖਾਈ ਫੇਮੇ ਕੀ ਆਦਿ ਨੇ ਸ਼ਿਰਕਤ ਕਰਕੇ ਜੁੜੀਆਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਨੇ ਬਾਣੀ ਦੇ ਜਾਪ ਅਤੇ ਰੈਣ ਸਬਾਈ ਕੀਰਤਨ ਦਾ ਆਨੰਦ ਮਾਣਿਆ ਤੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕੀਤੀਆਂ।

### ਜਥੇਦਾਰ ਬਾਬਾ ਸ਼ੇਰ ਸਿੰਘ ਨਿਹੰਗ ਸਿੰਘ ਬੁੱਢਾ ਦਲ ਨਮਿਤ

# ਅੰਤਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਹੋਇਆ





**ਤਲਵੰਡੀ ਸਾਬੋ, 01 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਨਿਹੰਗ ਸਿੰਘਾਂ ਦੇ ਹੈਡ ਕੁਆਰਟਰ ਗੁਰਦੁਆਰਾ ਬੇਰ ਸਾਹਿਬ ਦੇਗਸਰ ਦੇ ਸਾਬਕਾ ਹੈਡ ਗ੍ਰੰਥੀ ਬਾਬਾ ਸ਼ੇਰ ਸਿੰਘ ਨਿਹੰਗ ਸਿੰਘ ਨਮਿੱਤ ਅੱਜ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਬੁੱਢਾ ਦਲ ਛਾਉਣੀ ਵਿਖੇ ਹੋਇਆ। ਉਹਨਾਂ ਨਮਿਤ ਪਹਿਲਾਂ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਗੁਰਦੁਆਰਾ ਬੇਰ ਸਾਹਿਬ ਦੇਗਸਰ ਸਾਹਿਬ ਵਿਖੇ ਖੁੱਲੇ ਕੀਰਤਨ ਦਰਬਾਰ, ਅਰਦਾਸ ਤੇ ਸ਼ਰਧਾਂਜਲੀ ਸਮਾਗਮ ਹੋਇਆ। ਜਿਸ ਵਿੱਚ ਕੀਰਤਨ ਦੀਆਂ ਹਾਜ਼ਰੀਆਂ ਸੰਤ ਬਾਬਾ ਅਵਤਾਰ ਸਿੰਘ ਬੁੰਗਾ ਮਸਤੂਆਣਾ ਸਾਹਿਬ ਵੱਲੋਂ ਭਰੀਆਂ ਗਈਆ। ਅਰਦਾਸ ਬੁੱਢਾ ਦਲ ਦੇ ਪ੍ਰਚਾਰਕ ਸੈਕਟਰੀ ਭਾਈ ਸੁਖਵਿੰਦਰ ਸਿੰਘ ਮੋਰ ਨੇ ਕੀਤੀ। ਪੰਥ ਬੁੱਢਾ ਦਲ ਵੱਲੋਂ ਬਾਬਾ ਸੁਰਜੀਤ ਸਿੰਘ ਮਹਿਰੋਂ, ਜਥੇਦਾਰ ਟੇਕ ਸਿੰਘ ਧਨੌਲਾ ਤਖਤ ਸ੍ਰੀ ਦਮਦਮਾ ਸਾਹਿਬ ਵੱਲੋਂ ਹੈਡ ਗ੍ਰੰਥੀ ਭਾਈ ਜਗਤਾਰ ਸਿੰਘ ਅਤੇ ਸਾਬਕਾ ਮੈਨੇਜਰ ਭਾਈ ਭਰਭੂਰ ਸਿੰਘ ਨੇ ਜਥੇਦਾਰ ਬਾਬਾ ਸ਼ੇਰ ਸਿੰਘ ਦੇ ਜੀਵਨ ਤੇ ਜਾਣਕਾਰੀ ਭਰਪੂਰ ਚਾਨਣਾ ਪਾਇਆ। ਪੰਥ ਬੁੱਢਾ ਦਲ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬੁੰਗਾ ਮਸਤੂਆਣਾ ਸਾਹਿਬ ਤੇ ਹੋਰ ਨਿਹੰਗ ਸਿੰਘ ਦਲਾਂ ਵੱਲੋਂ ਜਥੇਦਾਰ ਬਾਬਾ ਸ਼ੇਰ ਸਿੰਘ ਦੇ ਸਪੁੱਤਰ ਭਾਈ ਮਾਨ ਸਿੰਘ ਲਿਖਾਰੀ ਬੁੱਢਾ ਦਲ ਦੀ ਦਸਤਾਰਬੰਦੀ ਕੀਤੀ ਗਈ।ਭਾਈ ਮਾਨ ਸਿੰਘ ਲਿਖਾਰੀ ਦੀ ਦਸਤਾਰਬੰਦੀ ਮੌਕੇ ਜਥੇਦਾਰ ਬਾਬਾ ਜੱਸਾ ਸਿੰਘ ਪੀਏ, ਹੈਡ ਗ੍ਰੰਥੀ ਭਾਈ ਜਗਤਾਰ ਸਿੰਘ ਤਖਤ ਸਾਹਿਬ, ਬਾਬਾ ਸੁਰਜੀਤ ਸਿੰਘ ਮਹਿਰੋਂ, ਬਾਬਾ ਰਾਜਾ ਸਿੰਘ ਕਾਲਝਰਾਣੀ, ਮੀਤ ਗ੍ਰੰਥੀ ਭਾਈ ਗੁਰਜੰਟ ਸਿੰਘ ਤਖਤ ਸਾਹਿਬ, ਬਾਬਾ ਗਿਆਨ ਸਿੰਘ ਹੈਡ ਗ੍ਰੰਥੀ ਮੰਜੀ ਸਾਹਿਬ, ਗਿਆਨੀ ਬਲਵੰਤ ਸਿੰਘ ਸਾਬਕਾ ਹੈਡ ਗ੍ਰੰਥੀ ਤਖਤ ਸਾਹਿਬ, ਬਾਬਾ ਗੁਰਬਚਨ ਸਿੰਘ ਬਿਧੀਚੰਦ ਛਾਉਣੀ, ਬਾਬਾ ਜੋਗਾ ਸਿੰਘ ਮਹੰਤ ਤਰਨਾ ਦਲ, ਬਾਬਾ ਗੁਰਦਿਆਲ ਸਿੰਘ ਲੰਗੇਆਣਾ, ਗਿਆਨੀ ਕਰਮਵੀਰ ਸਿੰਘ ਦਮਦਮੀ ਟਕਸਾਲ, ਮੈਨੇਜਰ ਭਾਈ ਗੁਰਸੇਵਕ ਸਿੰਘ ਕਿੰਗਰਾ, ਬਾਬਾ ਜੋਗਾ ਸਿੰਘ ਹਨੂੰਮਾਨਗੜ੍ਹ, ਬਾਬਾ ਦਲੇਰ ਸਿੰਘ ਮੁੱਖ ਸੇਵਾਦਾਰ ਬੇਰ ਸਾਹਿਬ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਜਥੇਦਾਰ ਬਾਬਾ ਸ਼ੇਰ ਸਿੰਘ ਨਿਹੰਗ ਸਿੰਘ ਦੀ ਅੰਤਿਮ ਅਰਦਾਸ ਮੌਕੇ ਬਲਜਿੰਦਰ ਕੌਰ ਚੀਫ ਵਿੱਪ ਪੰਜਾਬ ਸਰਕਾਰ, ਕਿਰਨਜੀਤ ਸਿੰਘ ਗਹਿਰੀ ਕਾਂਗਰਸੀ ਆਗੂ, ਦਿਲਪ੍ਰੀਤ ਸਿੰਘ ਜਟਾਣਾ ਸੀਨੀਅਰ ਕਾਂਗਰਸੀ ਆਗੂ, ਸਰਦਾਰ ਰਣਵੀਰ ਸਿੰਘ ਸਿੱਧੂ, ਸਰਦਾਰ ਹਰਮੋਹਿੰਦਰ ਸਿੰਘ ਅਕਾਲੀ ਦਲ ਬਾਦਲ, ਜਥੇਦਾਰ ਸੁਖਵਿੰਦਰ ਸਿੰਘ ਭਾਗੀਵਾਂਦਰ, ਬਾਬਾ ਦਰਸ਼ਨ ਸਿੰਘ ਚੱਠਾ, ਮਾਸਟਰ ਰੇਵਤੀ ਪ੍ਰਸ਼ਾਦ ਸ਼ਰਮਾ, ਦਰਸ਼ਨ ਸਿੰਘ ਭੰਮਾ, ਬਾਬਾ ਠਾਣਾ ਸਿੰਘ ਚੱਠਾ, ਡਾਕਟਰ ਰਾਜਵੀਰ ਸਿੰਘ ਚੇਅਰਮੈਨ ਮੈਡੀਕਲ ਪ੍ਰੈਕਟੀਸ਼ਨਰ ਯੂਨੀਅਨ, ਸਾਬਕਾ ਵਿਧਾਇਕ ਜੀਤ ਮਹਿੰਦਰ ਸਿੰਘ ਵੱਲੋਂ ਸੋਕਸ਼ੰਦੇਸ਼, ਸੰਪਾਦਕ ਰਿਸ਼ਭਦੀਪ ਸਿੰਘ ਹੇਰਾਂ ਵੱਲੋਂ ਸੋਕ ਸੰਦੇਸ਼, ਸਰਦਾਰ ਰਵੀਪ੍ਰੀਤ ਸਿੰਘ ਸਿੱਧੂ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਸ਼ੋਕ ਸੰਦੇਸ਼ ਚੇਅਰਮੈਨ ਟੈਗੋਰ ਸਕੂਲ ਵੱਲੋਂ ਸੋਕ ਸੰਦੇਸ਼, ਸਰਦਾਰ ਬੂਟਾ ਸਿੰਘ ਸਿੱਧੂ ਉਪ ਕੁਲਪਤੀ ਵੱਲੋਂ ਸੋਕ ਸੰਦੇਸ਼, ਦਮਦਮਾ ਸਾਹਿਬ ਪ੍ਰੈਸ ਕਲੱਬ ਤਲਵੰਡੀ ਸਾਬੋ ਵੱਲੋਂ ਹਾਜ਼ਰੀ ਤੇ ਸੋਕ ਸੰਦੇਸ਼, ਡਾਕਟਰ ਸੁਖਦੇਵ ਸਿੰਘ ਕੌਂਸਲਰ, ਗੁਰਪ੍ਰੀਤ ਸਿੰਘ ਕੀਪਾ ਕੌਂਸਲਰ, ਭਰਪੂਰ ਸਿੰਘ ਕੌਂਸਲਰ, ਯਸਪਾਲ ਡਿੰਪੀ, ਗੋਪਾਲ ਕ੍ਰਿਸ਼ਨ ਭਾਜਪਾ ਆਗੂ, ਮੈਡਮ ਜਸਵੀਰ ਕੌਰ ਨਵਾਂ ਪਿੰਡ, ਪ੍ਰਿੰਸੀਪਲ ਬਿਕਰਮਜੀਤ ਸਿੰਘ ਖਾਲਸਾ ਸਕੂਲ, ਭਾਈ ਕੁਲਵੀਰ ਸਿੰਘ ਬਾਗੀ, ਬਾਬਾ ਸ਼ੇਰ ਸਿੰਘ ਬੱਗਸਰ, ਬਾਬਾ ਚਤਰ ਸਿੰਘ ਗੁਰਮਾ, ਬਾਬਾ ਨਿਰਦੇਵ ਸਿੰਘ ਨੰਗਲਾ, ਗੁਰਦੀਪ ਸਿੰਘ ਤੂਰ ਸਮਾਜ ਸੇਵੀ, ਮਹੰਤ ਸੁਰਜੀਤ ਸਿੰਘ ਨੰਗਲ, ਮਹੰਤ ਜੀਤ ਸਿੰਘ ਮਾਨਸਾ, ਬਾਬਾ ਜਗਦੇਵ ਸਿੰਘ ਮਾਨਸਾ, ਮਹੰਤ ਨਿੱਕਾ ਸਿੰਘ ਕਿਲਾ ਰਾਏਪੁਰ, ਬਾਬਾ ਗੁਰਮੇਲ ਸਿੰਘ ਮਹਾਂਕਾਲ, ਬਾਬਾ ਰਾਜ ਸਿੰਘ ਜੋਧਪੁਰ ਪਾਖਰ, ਵਕੀਲ ਪੁਖਰਾਜ ਸਿੰਘ, ਬਾਬਾ ਜਰਨੈਲ ਸਿੰਘ ਨਿਹੰਗ ਸਿੰਘ, ਮਾਲਵਾ ਵੈਲਫੇਅਰ ਕਲੱਬ, ਖਾਲਸਾ ਸਕੂਲ ਦੇ ਅਧਿਆਪਕ ਅਤੇ ਬਾਬਾ ਅਮਰਜੀਤ ਸਿੰਘ ਗੁਰੂ ਕੀ ਢਾਬ ਕਾਲਿਆਂਵਾਲੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।ਸਰਦਾਈਆਂ ਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।



## ਐਫਬੀਆਈ ਦੀ ਚੇਤਾਵਨੀ ਨਾਲ ਸਰਬਜੀਤ ਸਿੰਘ ਸਾਬੀ ਦੀ ਸੁਰੱਖਿਆ ਦਾ ਮੁੱਦਾ ਬਣਿਆ ਅਤਿ ਗੰਭੀਰ, ਗੋਲਡੀ ਬਰਾੜ ਤੇ ਬਿਸ਼ਨੋਈ ਗੈਂਗ ਦਾ ਨਾਮ ਆਇਆ ਸਾਹਮਣੇ



**ਨਵੀਂ ਦਿੱਲੀ, 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਅਮਰੀਕੀ ਮੀਡੀਆ ਸੰਸਥਾ ਸੀਬੀਐਸ ਦੀ ਤਾਜ਼ਾ ਰਿਪੋਰਟ ਨੇ ਸਿੱਖ ਕਾਰਕੁਨ ਅਤੇ ਖਾਲਿਸਤਾਨ ਰੈਫਰੈਂਡਮ ਦੇ ਆਯੋਜਕ ਅਤੇ ਸਰਗਰਮ ਕਾਰਕੁਨ ਸਰਬਜੀਤ ਸਿੰਘ ਸਾਬੀ ਦੀ ਸੁਰੱਖਿਆ ਨਾਲ ਜੁੜੇ ਮਾਮਲੇ ਨੂੰ ਮੁੜ ਚਰਚਾ ਦੇ ਕੇਂਦਰ ਵਿੱਚ ਲਿਆ ਦਿੱਤਾ ਹੈ। ਰਿਪੋਰਟ ਅਨੁਸਾਰ ਸਾਬੀ ਨੇ ਦੱਸਿਆ ਕਿ ਐਫਬੀਆਈ ਵੱਲੋਂ ਉਸਨੂੰ ਗੋਲਡੀ ਬਰਾੜ ਅਤੇ ਬਿਸ਼ਨੋਈ ਗੈਂਗ ਨਾਲ ਜੋੜੀ ਧਮਕੀ ਬਾਰੇ ਚੇਤਾਵਨੀ ਦਿੱਤੀ ਗਈ ਸੀ। ਸਾਬੀ ਦੇ ਮੁਤਾਬਕ ਐਫਬੀਆਈ ਅਧਿਕਾਰੀ ਨੇ ਉਸਨੂੰ ਫੋਨ ਕਰਕੇ ਕਿਹਾ ਕਿ ਉਸਨੂੰ ਭਾਰਤ ਤੋਂ ਗੋਲਡੀ ਅਤੇ ਬਿਸ਼ਨੋਈ ਗੈਂਗ ਵੱਲੋਂ ਧਮਕੀ ਮਿਲੀ ਹੈ ਅਤੇ ਉਹ ਸਾਵਧਾਨ ਰਹੇ। ਇਸ ਚੇਤਾਵਨੀ ਤੋਂ ਬਾਅਦ ਸਾਬੀ ਨੇ ਆਪਣੀ ਅਤੇ ਆਪਣੇ ਪਰਿਵਾਰ ਦੀ ਸੁਰੱਖਿਆ ਨੂੰ ਲੈ ਕੇ ਰੋਜ਼ਾਨਾ ਦੀ ਜੀਵਨ-ਸ਼ੈਲੀ ਤੱਕ ਬਦਲ ਦਿੱਤੀ ਹੈ। ਇਸ ਮਾਮਲੇ ਦੀ ਗੰਭੀਰਤਾ ਇਸ ਗੱਲ ਤੋਂ ਵੀ ਸਮਝੀ ਜਾ ਸਕਦੀ ਹੈ ਕਿ ਐਫਬੀਆਈ ਨੇ ਸਤਿੰਦਰਜੀਤ ਸਿੰਘ ਉਰਫ਼ ਗੋਲਡੀ ਬਰਾੜ ਨੂੰ ਆਪਣੀ ਦਸ ਮੋਸ੍ਰ ਵਾਂਟਡ ਫੁਗੀਟੀਵੇਸ ਸੂਚੀ ਵਿੱਚ ਸ਼ਾਮਲ ਕਰਕੇ ਉਸਦੀ ਗ੍ਰਿਫ਼ਤਾਰੀ ਲਈ 10 ਲੱਖ ਡਾਲਰ ਤੱਕ ਦਾ ਇਨਾਮ ਐਲਾਨਿਆ ਹੈ। ਐਫਬੀਆਈ ਵੱਲੋਂ ਉਸਨੂੰ ਬਿਸ਼ਨੋਈ ਸੰਗਠਿਤ ਅਪਰਾਧ ਗਰੁੱਪ ਨਾਲ ਕਥਿਤ ਤੌਰ 'ਤੇ ਜੁੜਿਆ ਹੋਇਆ ਦੱਸਿਆ ਗਿਆ ਹੈ। ਇਹ ਸਾਰੇ ਦੋਸ਼ ਅਮਰੀਕੀ ਅਧਿਕਾਰੀਆਂ ਅਤੇ ਜਾਂਚ ਏਜੰਸੀਆਂ ਦੇ ਦਾਅਵਿਆਂ 'ਤੇ ਆਧਾਰਿਤ ਹਨ, ਜਿਨ੍ਹਾਂ ਦਾ ਅੰਤਿਮ ਨਿਰਣਾ ਅਦਾਲਤੀ ਕਾਰਵਾਈ ਵਿੱਚ ਹੋਣਾ ਹੈ। ਐਸਐਫਜੇ ਨਾਲ ਜੁੜੇ ਸਰਬਜੀਤ ਸਿੰਘ ਸਾਬੀ ਦਾ ਮਾਮਲਾ ਇਸ ਲਈ ਵੀ ਅਹਿਮ ਬਣ ਜਾਂਦਾ ਹੈ ਕਿ ਉਹ ਅਮਰੀਕਾ ਦੀ ਧਰਤੀ 'ਤੇ ਆਪਣੀਆਂ ਰਾਜਨੀਤਿਕ ਅਤੇ ਰੈਫਰੈਂਡਮ-ਸਬੰਧੀ ਗਤੀਵਿਧੀਆਂ ਕਰ ਰਿਹਾ ਹੈ। ਜੇਕਰ ਕਿਸੇ ਵਿਅਕਤੀ ਨੂੰ ਉਸਦੇ ਸਿਆਸੀ ਵਿਚਾਰਾਂ ਜਾਂ ਜਨਤਕ ਸਰਗਰਮੀ ਕਾਰਨ ਹਿੰਸਕ ਧਮਕੀ ਮਿਲਦੀ ਹੈ ਅਤੇ ਉਸਨੂੰ ਐਫਬੀਆਈ ਵਰਗੀ ਏਜੰਸੀ ਵੱਲੋਂ ਸੁਰੱਖਿਆ ਸਬੰਧੀ ਚੇਤਾਵਨੀ ਦਿੱਤੀ ਜਾਂਦੀ ਹੈ, ਤਾਂ ਇਹ ਸਿਰਫ਼ ਇੱਕ ਵਿਅਕਤੀ ਦੀ ਸੁਰੱਖਿਆ ਦਾ ਨਹੀਂ, ਸਗੋਂ ਵਿਦੇਸ਼ੀ ਧਰਤੀ 'ਤੇ ਰਹਿੰਦੇ ਸਿੱਖ ਕਾਰਕੁਨਾਂ ਦੀ ਸੁਰੱਖਿਆ ਅਤੇ ਬੋਲਣ ਦੀ ਆਜ਼ਾਦੀ ਨਾਲ ਜੁੜਿਆ ਗੰਭੀਰ ਸਵਾਲ ਵੀ ਬਣ ਜਾਂਦਾ ਹੈ। ਇਸ ਪੂਰੇ ਮਾਮਲੇ ਵਿੱਚ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਜੇਕਰ ਅਮਰੀਕੀ ਜਾਂਚ ਏਜੰਸੀ ਖੁਦ ਕਿਸੇ ਸਿੱਖ ਕਾਰਕੁਨ ਨੂੰ ਜਾਨ ਦੇ ਖਤਰੇ ਬਾਰੇ ਚੇਤਾਵਨੀ ਦੇ ਰਹੀ ਹੈ ਤਾਂ ਇਸ ਧਮਕੀ ਦੇ ਸਰੋਤ, ਮਕਸਦ ਅਤੇ ਸੰਭਾਵਿਤ ਨੈੱਟਵਰਕ ਦੀ ਪੂਰੀ ਜਾਂਚ ਕਿੰਨੀ ਡੂੰਘਾਈ ਨਾਲ ਹੋ ਰਹੀ ਹੈ? ਐਫਬੀਆਈ ਨੇ ਸੈਕਰਾਮੈਂਟੋ ਅਤੇ ਫ੍ਰੈਜ਼ਨੋ ਖੇਤਰਾਂ ਨਾਲ ਜੁੜੀਆਂ ਕਥਿਤ ਕੜੀਆਂ ਅਤੇ ਸਾਬੀ ਨੂੰ ਮਿਲੀ ਧਮਕੀ ਦਾ ਵੀ ਜ਼ਿਕਰ ਕੀਤਾ ਹੈ। ਸਾਬੀ ਸਿੰਘ ਨੇ ਗੱਲਬਾਤ ਦੌਰਾਨ ਕਿਹਾ ਕਿ ਉਸਨੂੰ ਆਪਣੀ ਨਹੀਂ, ਸਗੋਂ ਆਪਣੇ ਪਰਿਵਾਰ ਦੀ ਸੁਰੱਖਿਆ ਦੀ ਸਭ ਤੋਂ ਵੱਧ ਚਿੰਤਾ ਹੈ। ਇਹ ਬਿਆਨ ਦੱਸਦਾ ਹੈ ਕਿ ਧਮਕੀ ਦਾ ਮਨੋਵਿਗਿਆਨਕ ਪ੍ਰਭਾਵ ਸਿਰਫ਼ ਇੱਕ ਵਿਅਕਤੀ ਤੱਕ ਸੀਮਿਤ ਨਹੀਂ ਰਹਿੰਦਾ, ਬਲਕਿ ਉਸਦੇ ਪਰਿਵਾਰ ਦੀ ਆਮ ਜ਼ਿੰਦਗੀ ਨੂੰ ਵੀ ਪ੍ਰਭਾਵਿਤ ਕਰ ਸਕਦਾ ਹੈ।

## ਵਿਦੇਸ਼ ਭੇਜਣ ਦੇ ਨਾਂ ਤੇ 1.80 ਲੱਖ ਰੁਪਏ ਦੀ ਠੱਗੀ—ਪੀੜਤ ਪਰਿਵਾਰ ਨੇ ਪੁਲਿਸ ਪ੍ਰਸ਼ਾਸਨ ਤੋਂ ਇਨਸਾਫ਼ ਦੀ ਲਾਈ ਗੁਹਾਰ



ਫ਼ਿਰੋਜ਼ਪੁਰ, 01 ਅਕਤੂਬਰ (ਮਨੋਹਰ ਲਾਲ) :— ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪਿੰਡ ਝੋਕ ਹਰੀ ਹਰ ਦੇ ਰਹਿਣ ਵਾਲੇ ਗੁਰਮੀਤ ਪੁੱਤਰ ਮੰਨਾ ਨੇ ਪੁਲਿਸ ਪ੍ਰਸ਼ਾਸਨ ਨੂੰ ਦਰਖਾਸਤ ਦੇ ਕੇ ਇੱਕ ਵਿਅਕਤੀ ਤੇ ਉਸ ਦੇ ਲੜਕੇ ਨੂੰ ਵਿਦੇਸ਼ ਭੇਜਣ ਦੇ ਨਾਂ ਤੇ ਲੱਖਾਂ ਰੁਪਏ ਦੀ ਠੱਗੀ ਮਾਰਨ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦੇ ਗੰਭੀਰ ਦੋਸ਼ ਲਗਾਏ ਹਨ। ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਗੁਰਮੀਤ ਨੇ ਦੱਸਿਆ ਕਿ ਅਮਨਦੀਪ ਬਾਬਾ ਨਾਮੀ ਵਿਅਕਤੀ ਨੇ ਉਸ ਦੇ ਲੜਕੇ ਲਵਪ੍ਰੀਤ ਸਿੰਘ ਨੂੰ ਵਿਦੇਸ਼ ਭੇਜਣ ਦਾ ਭਰੋਸਾ ਦਿੱਤਾ ਸੀ, ਉਸ ਨੇ ਵਿਦੇਸ਼ੀ ਏਜੰਟ ਦੇ ਨਾਂ ਤੇ ਲਵਪ੍ਰੀਤ ਨੂੰ ਢਾਈ ਮਹੀਨਿਆਂ ਵਿੱਚ ਬਾਹਰ ਭੇਜਣ ਦਾ ਦਾਅਵਾ ਕਰ ਕੇ 1,80,000 ਰੁਪਏ ਲਏ ਸਨ। ਪੀੜਤ ਅਨੁਸਾਰ ਇਹ ਰਕਮ ਉਨ੍ਹਾਂ ਨੇ ਵਿਆਜ ਤੇ ਕਰਜ਼ਾ ਚੁੱਕ ਕੇ ਦਿੱਤੀ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਸਮਾਂ ਬੀਤ ਜਾਣ ਦੇ ਬਾਵਜੂਦ ਨਾ ਤਾਂ ਲੜਕੇ ਨੂੰ ਵਿਦੇਸ਼ ਭੇਜਿਆ ਗਿਆ ਅਤੇ ਨਾ ਹੀ ਵੀਜ਼ਾ ਲਗਵਾ ਕੇ ਦਿੱਤਾ ਗਿਆ, ਜਦੋਂ ਉਨ੍ਹਾਂ ਆਪਣੇ ਪੈਸੇ ਵਾਪਸ ਮੰਗੇ ਤਾਂ ਉਕਤ ਵਿਅਕਤੀ ਨੇ ਗਾਲੀ ਗਲੋਚ ਕੀਤਾ ਅਤੇ ਧਮਕੀਆਂ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਤਾਂਤਰਿਕ ਸ਼ਕਤੀਆਂ ਨਾਲ ਪਰਿਵਾਰ ਨੂੰ ਖਤਮ ਕਰ ਦੇਵੇਗਾ। ਪੀੜਤ ਪਰਿਵਾਰ ਨੇ ਪੁਲਿਸ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਦੋਸ਼ੀ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰਦਿਆਂ ਪਰਚਾ ਦਰਜ ਕੀਤਾ ਜਾਵੇ ਅਤੇ ਉਨ੍ਹਾਂ ਦੇ 1,80,000 ਰੁਪਏ ਬਰਾਮਦ ਕਰਵਾਏ ਜਾਣ ਅਤੇ ਪਰਿਵਾਰ ਨੂੰ ਇਨਸਾਫ਼ ਦਵਾਇਆ ਜਾਵੇ। ਇਸ ਮੌਕੇ ਤੇ ਭਾਈ ਲਖਬੀਰ ਸਿੰਘ ਮਹਾਲਮ ਸਰਪ੍ਰਸਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਨੇ ਕਿਹਾ ਕਿ ਜੇਕਰ ਪੁਲਿਸ ਨੇ ਇਨ੍ਹਾਂ ਖਿਲਾਫ ਪਰਚਾ ਦਰਜ ਨਾ ਕੀਤਾ ਤਾਂ ਅਸੀਂ ਅਗਲਾ ਸੰਘਰਸ਼ ਵਿਢਾਂਗੇ। ਇਸ ਮੌਕੇ ਤੇ ਬਾਬਾ ਸਤਨਾਮ ਸਿੰਘ ਪੰਜਾਬ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਭਾਈ ਲਖਵਿੰਦਰ ਸਿੰਘ ਫੁਲਰ ਵਨ, ਭਾਈ ਮਨੀ ਸਿੰਘ, ਬਾਬਾ ਬਚਿੱਤਰ ਸਿੰਘ ਦੇ ਪ੍ਰਧਾਨ, ਭਾਈ ਲਖਬੀਰ ਸਿੰਘ ਪ੍ਰਧਾਨ ਇਹ ਏਕ ਨੂਰਖਾਲਸਾ ਫੌਜ, ਜਗਤਾਰ ਸਿੰਘ ਮਹਾਲਮ, ਜਸਪਾਲ ਸਿੰਘ ਮਹਾਲਮ, ਸਤਨਾਮ ਸਿੰਘ ਮਹਾਲਮ, ਸੁਖਦੇਵ ਸਿੰਘ ਮਹਾਲਮ, ਗੁਰਨਾਮ ਸਿੰਘ ਸਰਪੰਚ ਸੇਰਖਾ, ਭਾਈ ਅਵਤਾਰ ਸਿੰਘ ਫੌਜੀ ਬਾਬਾ ਬੁੱਢਾ ਗ੍ਰੰਥੀ ਪਾਠੀ ਸਭਾ, ਰਣਜੀਤ ਸਿੰਘ ਬੱਬਰ, ਕੁਲਦੀਪ ਸਿੰਘ ਨੱਢਾ ਜ਼ਿਲ੍ਹਾ ਪ੍ਰਧਾਨ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਆਦਿ ਹਾਜ਼ਰ ਸਨ।

# ਗਿਆਨੀ ਹਰਪ੍ਰੀਤ ਸਿੰਘ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਾਂ ਪੱਤਰ

# ਚਿੱਟੇ ਦਿਨ ਵਾਂਗ ਸਾਫ ਹੋ ਗਿਆ ਕਿ ਕਿਰਦਾਰਕੁਸ਼ੀ ਜਾਣ ਬੁਝ ਕੇ ਕੀਤੀ ਜਾਂ ਕਰਵਾਈ ਜਾ ਰਹੀ ਸੀ

## ਮੀਰੀ ਪੀਰੀ ਦੇ ਮਾਲਕ ਧੰਨ ਗੁਰੂ ਹਰਗੋਬਿੰਦ ਸਾਹਿਬ ਸਤਿਗੁਰੂ ਸੱਚੇ ਪਾਤਸ਼ਾਹ ਤੁਹਾਨੂੰ ਇਨਸਾਫ਼ ਕਰਨ ਦਾ ਬਲ ਬਖਸ਼ਣ : ਗਿਆਨੀ ਹਰਪੀਤ ਸਿੰਘ

**ਸਤਿਕਾਰਯੋਗ ਕਾਰਜਕਾਰੀ ਜਥੇਦਾਰ ਜੀ ,**
**ਸ੍ਰੀ ਅਕਾਲ ਤਖ਼ਤ ਸਾਹਿਬ ਜੀ**
**ਵਾਹਿਗੁਰੂ ਜੀ ਕਾ ਖ਼ਾਲਸਾ ॥ ਵਾਹਿਗੁਰੂ ਜੀ ਕੀ ਫਤਹਿ ॥**

ਆਪ ਜੀ ਵਲੋਂ ਕਲ ਜਾਰੀ ਕੀਤੇ ਪੱਤਰ ਨੂੰ ਪੜ੍ਹ ਕੇ ਵੇਦਣਾ ਪ੍ਰਗਟ ਕਰਨ ਲੱਗਾਂ ਹਾਂ ਆਪ ਜੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋ ਵਿਰੋਧੀ ਧਿਰ ਦੇ ਸੰਗਤ ਵੱਲੋਂ ਚੁਣੇ ਹੋਏ ਸਤਕਾਰਿਤ ਮੈਂਬਰਾਂ ਭਾਈ ਮਿੱਠੂ ਸਿੰਘ ਕਾਹਨਕੇ ਅਤੇ ਭਾਈ ਜਸਵੰਤ ਸਿੰਘ ਪੁੜੈਣ ਖਿਲਾਫ ਬਿਨ੍ਹਾਂ ਸਪੱਸ਼ਟੀਕਰਨ ਲਿਆ ਉਨ੍ਹਾਂ ਵਿਰੁੱਧ ਤਖ਼ਤ ਸਾਹਿਬ ਦੇ ਵਿਧੀ ਵਿਧਾਨ ਨੂੰ ਭੰਗ ਕਰਦਿਆ ਸਿੱਧਾ ਅਤੇ ਇਕਪਾਸੜ ਫੁਰਮਾਨ ਸੁਣਾ ਦਿੱਤਾ ਹੈ। ਇਸ ਫੁਰਮਾਨ ਨੂੰ ਲੈ ਕੇ ਪੰਥ ਦਰਦੀਆਂ ਵਿਚ ਰੋਸ ਪ੍ਰਗਟ ਹੋਣਾ ਸੁਭਾਵਿਕ ਹੈ। ਤੁਸੀ ਦੋਸ਼ ਲਾਇਆ ਕਿ ਇਹ ਪੰਜਾਬ ਦੇ ਮੁੱਖ ਮੰਤਰੀ ਨੂੰ ਮਿਲੇ ਜਿਸ ਨੂੰ ਅਸੀਂ ਪੰਥ ਦੋਖੀ ਦੀ ਸੰਗਿਆ ਦਿੱਤੀ ਹੈ। ਤੁਹਾਡੇ ਵੱਲੋਂ ਇਹ ਪੱਤਰ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਆਰੰਭ ਹੋਣ ਤੋ ਪਹਿਲ਼ਾ ਸਿੱਧਾ ਸਕੱਤਰ ਨੂੰ ਭੇਜਿਆ ਜਾਂਦਾ ਹੈ ਤੇ ਵਿਰੋਧੀ ਧਿਰ ਦੇ ਮੈਂਬਰ ਨੂੰ ਅਧਿਕਾਰੀਆਂ ਵੱਲੋਂ ਉਂਨਾਂ ਨੂੰ ਮੀਟਿੰਗ ਚ ਆਉਣੋਂ ਰੋਕ ਦਿੱਤਾ ਜਾਂਦਾ ਹੈ। ਇਸ ਵਰਤਾਰੇ ਤੋ ਇਕ ਗੱਲ ਬਿਲਕੁਲ ਸਪੱਸ਼ਟ ਹੈ ਕਿ ਅੱਜ ਦੀ ਮੀਟਿੰਗ ਵਿੱਚ ਵਿਰੋਧੀ ਧਿਰ ਨਾਲ ਸੰਬੰਧਿਤ ਮੈਂਬਰਾਂ ਨੂੰ ਇਸ ਪੱਤਰ ਦੀ ਆੜ ਚ ਰੋਕਣ ਦਾ ਮਤਲਬ ਹੈ ਕਿ ਮੀਟਿੰਗ ਚ ਕੁਝ ਗਲਤ ਫੈਸਲੇ ਹੋਏ ਹੋ ਸਕਦੇ ਹਨ ਜਿਨ੍ਹਾਂ ਨੂੰ ਜਨਤਕ ਨਹੀਂ ਕੀਤਾ ਗਿਆ ਪ੍ਰਧਾਨ, ਹਰਜਿੰਦਰ ਸਿੰਘ ਧਾਮੀ (ਸਿਪਾਹੀ ਸਾਬ) ਜਿੰਨਾਂ ਮੀਟਿੰਗ ਦੀ ਪ੍ਰਧਾਨਗੀ ਕੀਤੀ ਉਂਨਾਂ ਨੇ ਸ੍ਰੀ ਅਨੰਦਪੁਰ ਸਾਹਿਬ ਸਰਾਂ ਵਿੱਚ ਰਹਿਣ ਵਾਲੀ ਕਥਿਤ ਜਬਰ ਜਿਨਾਹ ਦਾ ਦਾਅਵਾ ਕਰਨ ਵਾਲੀ ਅਕਾਲੀ ਆਗੂਆਂ ਦੇ ਸੱਦੇ ਤੇ ਬਹਿਰੀਨ ਤੋ ਪੰਜਾਬ ਆਈ ਉਕਤ ਬੀਬੀ ਨੂੰ ਇੱਕ ਲੱਖ ਰੁਪਏ ਦਿੱਤੇ ,ਉਸ ਤਰਾਂ ਹੋ ਸਕਦਾ ਹੈ ਕਿ ਅੱਜ ਦੀ ਮੀਟਿੰਗ ਵਿੱਚ ਵੀ ਕੁਝ ਜਾਇਜ਼ ਨਜ਼ਾਇਜ ਰਾਸ਼ੀ ਪ੍ਰਵਾਨ ਕੀਤੀ ਹੋਵੇਗੀ ਜਾਂ ਗੁਰੂ ਘਰ ਦੀਆਂ ਜਮੀਨਾਂ ਕੌਡੀਆਂ ਭਾਅ ਵੇਚਣ ਦਾ ਮਤਾ ਪਾਸ ਕੀਤਾ ਹੋਵੇਗਾ ਜਾਂ ਜਿਹੜੇ ਗੁਰਦੁਆਰਾ ਸ੍ਰੀ ਅੰਬ ਸਾਹਿਬ, ਮੁਹਾਲੀ ਦੀ ਜਮੀਨ ਵੇਚਣ ਦੇ ਦੋਸ਼ਾਂ ਵਿੱਚ ਮੁਅੱਤਲ ਹੋਏ ਦੋਸ਼ੀ ਸਨ ,ਉਨਾਂ ਦੀ ਡਰਦਿਆਂ ਬਹਾਲੀ ਕੀਤੀ ਗਈ ਹੋਵੇਗੀ ਕਿਤੇ ਉਹ ਹੋਰਾਂ ਮੈਂਬਰਾਂ ਦੀ ਹਿੱਸੇਦਾਰੀ ਜ਼ਾਹਰ ਨਾ ਕਰ ਦੇਣ . ਕਿਉਂਕਿ ਵਿਰੋਧੀ ਧਿਰ ਜਿਹੜੀ ਕਿ ਗਲਤ ਕੰਮਾਂ ਨੂੰ ਰੋਕਣ ਤੇ ਬਾਜ ਅੱਖ ਰੱਖਦੀ ਹੈ। ਤੁਹਾਡੇ ਅੱਜ ਦੇ ਫੈਸਲੇ ਨੇ ਹਰਜਿੰਦਰ ਸਿੰਘ ਧਾਮੀ ਦੀ ਪਿੱਠ ਥਾਪੜਣ ਅਤੇ ਸੰਸਥਾ ਦੀ ਵਿਰੋਧੀ ਧਿਰ ਨੂੰ ਨਿਸ਼ਾਨਾ ਬਣਾ ਕੇ ਹਰਜਿੰਦਰ ਸਿੰਘ ਧਾਮੀ ਨੂੰ ਸਿੱਧੀ ਸ਼ਿਹ ਦੇਣ ਦਾ ਕੰਮ ਕੀਤਾ ਹੈ



ਜਥੇਦਾਰ ਜੀ ! ਕਿਸੇ ਅਮੀਰ ਵਪਾਰੀ ਦੀ ਮੁਲਾਜਮਤ ਵਾਲਾ ਵਤੀਰਾ ਤੇ ਸੁਭਾਅ ।ਇਹ ਸ਼ੋਭਨੀਕ ਨਹੀ ।ਕਿਉਂਕਿ ਹੁਣ ਤੁਸੀਂ ਮੁਕੱਦਸ ਤੇ ਪਵਿੱਤਰ ਸਥਾਨ ਤੇ ਬੈਠੇ ਹੋ ।ਜਿਸ ਦਫ਼ਤਰ ਤੋਂ ਤੁਸੀਂ ਇਹ ਪੱਤਰ ਜਾਰੀ ਕੀਤਾ ਹੈ ਇਸੇ ਦਫ਼ਤਰ ਤੋਂ ਕਿਸੇ ਵੇਲੇ ਸੌਧਾ ਸਾਧ ਨੂੰ ਬਿਨਾ ਮੰਗੇ ਸਿਆਸੀ ਸਾਜ਼ਿਸ਼ ਤਹਿਤ ਮੁਆਫ਼ੀ ਦਿੱਤੀ ਗਈ ਸੀ ਜਿਸ ਤੋ ਬਾਅਦ ਪੰਥ ਨੇ ਉਹ ਹੁਕਮਨਾਮਾ ਗ਼ੈਰ ਮਰਿਆਦਿਤ ਕਰਾਰ ਦੇ ਕੇ ਰੱਦ ਕਰ ਦਿੱਤਾ ਸੀ। ਇਸ ਦਾ ਮਤਲਬ ਗ਼ੈਰ ਮਰਿਆਦਿਤ ਹੁਕਮ ਨੂੰ ਸਮੁੱਚਾ ਪੰਥ ਰੱਦ ਕਰ ਸਕਦਾ ਹੈ ਤੇ ਕਰਦਾ ਰਿਹਾ ਹੈ ਇਹ ਵੱਖਰੀ ਗੱਲ ਇੱਕ ਖਾਸ ਤੇ ਤੁਹਾਡੀ ਚਹੇਤੀ ਤੇ ਪੰਥਕ ਹੋਣ ਦਾ ਦਾਅਵਾ ਕਰਨ ਵਾਲੀ ਇੱਕ ਅਖੌਤੀ ਧਿਰ ਨੂੰ ਤੁਸੀਂ ਸ੍ਰੀ ਅਕਾਲ ਤਖ਼ਤ ਸਾਹਿਬ ਤੋ ਹੋਏ ਹੁਕਮਨਾਮੇ ਨਾ ਮੰਨਣ ਦੀ ਵਿਸ਼ੇਸ਼ ਛੋਟ ਦਿੱਤੀ ਹੋਈ ਹੈ ਅਜਿਹੇ ਹੁਕਮਨਾਮੇ ਨਾ ਮੰਨਣ ਵਾਲਿਆ ਨੂੰ ਤੁਸੀਂ ਸਿਰੋਪਾ ਵੀ ਦਿੰਦੇ ਹੋ, ਮਿਲਦੇ ਵੀ ਹੋ, ਹੋਰ ਤਾਂ ਹੋਰ ਤੁਸੀਂ ਨੌਜਵਾਨਾਂ ਨੂੰ ਅਪੀਲ ਵੀ ਕਰਦੇ ਹੋ ਕਿ ਇੰਨਾਂ (ਹੁਕਮਨਾਮਾ ਨਾਂ ਮੰਨਣ ਵਾਲਿਆਂ) ਵਰਗੇ ਬਣੋ। ਜਥੇਦਾਰ ਜੀ ਬੇਨਤੀ ਹੈ ਕਿ ਤੁਸੀਂ ਗੁਰਬਾਣੀ ਮਰਿਆਦਾ ਤੇ ਇਤਿਹਾਸ ਦੀ ਰੌਸ਼ਨੀ ਚ ਸਿੱਧ ਕਰਿਓ ਕਿ ਦੋ ਦਸੰਬਰ 2024 ਦਾ ਹੁਕਮ ਗਲਤ ਸੀ ਤੇ ਭਗਵੰਤ ਮਾਨ ਨੂੰ ਪੰਥ ਦੋਖੀ ਵਾਲਾ ਹੁਕਮ ਸਹੀ। ਤੁਸੀ 2 ਦਸੰਬਰ 2024 ਦੇ ਹੁਕਮਨਾਮੇ ਨੂੰ ਸ੍ਰੀ ਮੁਕਤਸਰ ਸਾਹਿਬ ਜਾ ਕੇ ਮੁੱਕਰਨ ਵਾਲਿਆਂ ਤੋਂ ਕਦੋ ਜਵਾਬ ਲਵੋਂਗੇ ? ਮੁਆਫ ਕਰਨਾ, ਅਸੀ ਜਾਣਦੇ ਹਾ ਤੁਸੀ ਇਹ ਜੁਰਅਤ ਕਦੀ ਨਹੀ ਕਰੋਗੇ। ਜੇਕਰ ਮਰਿਆਦਾ ਜਾਂ ਸਿੱਖ ਪ੍ਰੰਪਰਾ ਦੀ ਸਮਝ ਨਾ ਲੱਗੇ ਤਾਂ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਕਿਸੇ ਵਿਅਕਤੀ ਵਿਸ਼ੇਸ਼ ਬਾਰੇ ਹੁਕਮ ਜਾਰੀ ਕਰਨ ਤੋ ਪਹਿਲ਼ਾਂ ਗੁਰਸਿੱਖ ਵਿਦਵਾਨਾਂ ਨਾਲ ਚਰਚਾ ਕਰਨੀ ਜ਼ਰੂਰੀ ਹੁੰਦੀ ਹੈ ਜਾਂ ਘੱਟੋ ਘੱਟ ਸਚਿਖੰਡ ਸ੍ਰੀ ਦਰਬਾਰ ਸਾਹਿਬ ਜੀ ਦੇ ਮੁੱਖ ਗ੍ਰੰਥੀ ਸਾਹਿਬ ਜਾਂ ਬਾਕੀ ਗ੍ਰੰਥੀ ਸਿੰਘ ਸਾਹਿਬਾਨ ਪਾਸ ਜਾ ਕੇ ਸਲਾਹ ਲੈਣ ਨਾਲ ਸ਼ਾਨ ਘੱਟਦੀ ਨਹੀ ਸਗੋਂ ਵਧਦੀ ਹੈ ।ਤੁਹਾਡੇ ਤੇ ਮੇਰੇ ਤੋ ਪਹਿਲਾਂ ਵਾਲੇ ਜਥੇਦਾਰ ਸਾਹਿਬਾਨ ਇਹ ਨਿਯਮ ਪਾਲਦੇ ਰਹੇ ਹਨ ।ਤੁਸੀਂ ਸ਼ਾਇਦ ਸਿਰਗੁਮ ਮੁੱਖ ਮੰਤਰੀ ਖਿਲਾਫ ਹੁਕਮਨਾਮਾ ਸੁਣਾਉਂਦੇ ਸਮੇਂ ਕਿਸੇ ਪੰਥਕ ਰਹੁਰੀਤਾਂ ਦੇ ਜਾਣਕਾਰ ਬੁਧੀਜੀਵੀ ਸਿੱਖ ਵਿਦਵਾਨ ਪਾਸੋਂ ਵਿਧੀ ਵਿਧਾਨ, ਇਤਿਹਾਸ ਤੋ ਸੇਧ ਅਤੇ ਮਰਿਆਦਾ ਬਾਰੇ ਜਾਣਕਾਰੀ ਲੈਣਾ ਮੁਨਾਸਿਬ ਨਹੀਂ ਸਮਝਿਆ ।ਇਤਹਾਸ ਗਵਾਹ ਹੈ ਕਿ ਰਾਇ ਮਸ਼ਵਰੇ ਤੋਂ ਬਿਨਾਂ ਕਿਸੇ ਵਿਸ਼ੇਸ਼ ਦੀਆਂ ਸਿਆਸੀ ਇਛਾਵਾਂ ਦੀ ਪੂਰਤੀ ਲਈ ਕੀਤੇ ਫੈਸਲੇ ਪੰਥਕ ਸਫਾਂ ਚ ਪ੍ਰਵਾਨ ਨਹੀ ਚੜਦੇ ।ਅਜਿਹੇ ਹੁਕਮਨਾਮੇ ਦੇ ਵਿਰੁੱਧ ਜਾਣ ਵਾਲਿਆਂ ਦਾ ਤੁਸੀ ਅੰਤਰਿੰਗ ਕਮੇਟੀ ਦੀ ਮੀਟਿੰਗ ਚ ਬੈਠਣ ਦਾ ਹੱਕ ਖੋਹ ਰਹੇ ਹੋ ।ਕੋਈ ਸਿੱਖ, ਸ੍ਰੀ ਅਕਾਲ ਤਖਤ ਸਾਹਿਬ ਦਾ ਸੇਵਾਦਾਰ ਜਥੇਦਾਰ ਹੋ ਸਕਦਾ ਹੈ ਪਰ ਖੁਦ ਸ੍ਰੀ ਅਕਾਲ ਤਖਤ ਸਾਹਿਬ ਨਹੀਂ ।ਇਸ ਲਈ ਫੈਸਲਾ ਕਰਦੇ ਸਮੇਂ ਸ੍ਰੀ ਅਕਾਲ ਤਖਤ ਸਾਹਿਬ ਵੱਲ ਮੁੱਖ ਰਖਣਾ ਜਰੂਰੀ ਹੁੰਦਾ ਹੈ ਨਾ ਕਿ ਨਿਯੁਕਤ ਕਰਨ ਜਾਂ ਕਰਵਾਉਣ ਵਾਲੀ ਅਥਾਰਟੀ ਵੱਲ।

ਇਹ ਦੋ ਸਤਿਕਾਰਯੋਗ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਚੁਣੇ ਹੋਏ ਮੈਂਬਰ ਪੰਥ ਦੀ ਉਹ ਚਿੰਤਾ ਲੈ ਕੇ ਮੁੱਖ ਮੰਤਰੀ ਨੂੰ ਮਿਲੇ ਜਿਸ ਨੇ ਸਿੱਖ ਕੌਮ ਅਤੇ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤ ਨੂੰ ਦੁਨੀਆ ਭਰ ਵਿੱਚ ਸ਼ਰਮਸ਼ਾਰ ਕੀਤਾ। ਜੋ ਘਟਨਾ ਤਖ਼ਤ ਸ੍ਰੀ ਕੇਸਗੜ ਸਾਹਿਬ ਵਿਖੇ ਵਾਪਰੀ। ਤੁਸੀਂ ਜਨਤਕ ਰੂਪ ਚ ਇਹ ਆਖ ਦਿਓ ਕਿ "ਦਾਸ ਅਕਾਲ ਪੁਰਖ ਨੂੰ ਹਾਜ਼ਰ ਨਾਜਰ ਜਾਣ ਕੇ ਆਖਦਾ ਹੈ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਾਪਰੀ ਘਟਨਾ ਦੀ ਦਾਸ ਨੂੰ ਉੱਕਾ ਹੀ ਜਾਣਕਾਰੀ ਨਹੀ ਸੀ" ਸਾਡੇ ਕੋਲ ਤੱਥ ਹਨ ਕਿ ਤੁਹਾਨੂੰ ਹਰ ਗੱਲ ਦਾ ਪਤਾ ਸੀ। ਪਰ ਤੁਸੀਂ ਤਖ਼ਤ ਸਾਹਿਬ ਤੋ ਕਾਰਵਾਈ, ਸਰਕਾਰ ਵੱਲੋਂ ਕੀਤੀ ਕਾਰਵਾਈ ਤੋਂ ਬਾਅਦ ਕੀਤੀ ਉਹ ਵੀ ਬਿਨਾਂ ਸਪਸ਼ਟੀਕਰਨ ਲਏ। ਤੁਸੀਂ ਇਸ ਬਾਰੇ ਪੰਥ ਦੇ ਸਵਾਲਾਂ ਦੇ ਜਵਾਬ ਜਨਤਕ ਰੂਪ ਚ ਦੇ ਸਕਦੇ ਹੋ ? ਜਦੋਂ ਪੰਥ ਦੇ ਸਿਰਮੌਰ ਆਗੂ ਹੀ ਕਟਿਹਰੇ ਵਿਚ ਹੋਣ ਤਾ ਮਜਬੂਰੀ ਵੱਸ ਇਨਸਾਫ਼ ਦੀ ਮੰਗ ਲੈ ਕੇ ਮੁੱਖ ਮੰਤਰੀ ਪਾਸ ਗਏ ਸਿੱਖਾਂ ਨੂੰ ਹੀ ਕਟਿਹਰੇ ਚ ਖੜਾ ਕਰਕੇ ਤੁਸੀਂ ਹੋਰ ਪੁਖ਼ਤਾ ਕਰ ਦਿੱਤਾ ਕਿ ਸ੍ਰੀ ਅਨੰਦਪੁਰ ਸਾਹਿਬ ਵਾਪਰੀ ਘਟਨਾ ਤੋ ਬਾਅਦ ਉੱਠੀ ਗਰਦ ਤੁਹਾਡੇ ਵੱਲ ਵੀ ਆ ਰਹੀ ਹੈ ਇਹ ਤੁਹਾਨੂੰ ਦਿਸ ਰਿਹਾ ਸੀ। ਜਥੇਦਾਰ ਜੀ ! ਤੁਸੀਂ ਵਿਰਸਾ ਸਿੰਘ ਵਲਟੋਹੇ ਨੂੰ ਮੁਆਫ ਕੀਤਾ। ਤੁਸੀ ਕਰ ਸਕਦੇ ਹੋ। ਤੁਹਾਡਾ ਅਧਿਕਾਰ ਹੈ। ਉਸ ਤੇ ਦੋਸ਼ ਸੀ ਕਿ ਉਸ ਨੇ ਜਥੇਦਾਰਾਂ ਦੀ ਚੋਰੀ ਰਿਕਾਂਡਿੰਗ ਕੀਤੀ ਜਥੇਦਾਰਾਂ ਤੇ ਬੇ ਵਜਾਹ ਇਲਜ਼ਾਮ ਤਰਾਸ਼ੀ ਵੀ ਕੀਤੀ। ਜਿਸ ਦੀ ਉਸ ਨੇ ਤਖ਼ਤ ਸਾਹਿਬ ਦੇ ਸਨਮੁੱਖ ਖਿਮਾ ਜਾਚਨਾ ਵੀ ਮੰਗੀ ਜਿਸ ਤੇ ਤੁਸੀਂ ਉਸ ਤੇ ਲੱਗੀਆਂ ਪਾਬੰਦੀਆਂ ਵੀ ਹਟਾਈਆਂ ਪਰ ਕੀ ਤੁਸੀ ਸਾਡੀ ਕੀਤੀ ਨਾਜਾਇਜ਼ ਕਿਰਦਾਰਕੁਸ਼ੀ ਕਾਰਨ ਮਾਣ ਸਨਮਾਣ ਨੂੰ ਢਾਹ ਲੱਗਣ ਤੇ ਹੋਏ ਨੁਕਸਾਨ ਦੀ ਭਰਪਾਈ ਲਈ ਵੀ ਆਦੇਸ਼ ਜਾਰੀ ਕੀਤਾ ? ਹੁਣ ਤਾਂ ਗੱਲ ਚਿੱਟੇ ਦਿਨ ਵਾਂਗ ਸਾਫ ਹੋ ਗਈ ਕਿ ਇਹ ਕਿਰਦਾਰਕੁਸ਼ੀ ਜਾਣ ਬੁਝ ਕੇ ਕੀਤੀ ਜਾਂ ਕਰਵਾਈ ਜਾ ਰਹੀ ਸੀ। ਪੰਥਕ ਵਿਦਵਾਨਾਂ ਦੀ ਸਲਾਹ ਅਨੁਸਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮਾਣ ਸਤਿਕਾਰ ਨੂੰ ਮੁੱਖ ਰੱਖਦਿਆਂ ਦਾਸ ਨੇ ਇਨਸਾਫ਼ ਲਈ ਅਦਾਲਤਾ ਦਾ ਰੁੱਖ ਨਹੀ ਕੀਤਾ ।ਦਾਸ ਨੇ ਦੁਨਿਆਵੀ ਅਦਾਲਤ ਤੋ ਇਨਸਾਫ਼ ਨਹੀਂ ਮੰਗਿਆ। ਕੀ ਹੁਣ ਤੁਸੀਂ ਮੈਨੂੰ ਇਨਸਾਫ਼ ਦਿਵਾਉਗੇ ? ਤੁਸੀ ਇਨਸਾਫ ਨਹੀ ਦੇ ਸਕਦੇ ਹੋ ਕਿਉਂਕਿ ਤੁਸੀਂ ਉਹਨਾਂ ਕਿਰਦਾਰਕੁਸ਼ੀ ਕਰਨ ਕਰਵਾਉਣ ਵਾਲੇ ਦੋਸ਼ੀਆਂ ਦੇ ਆਦੇਸ਼ਾਂ ਦੇ ਪਾਬੰਦ ਹੋ। ਦੁਨਿਆਵੀ ਅਦਾਲਤਾਂ ਤੋ ਅਸੀ ਮੰਗ ਨਹੀਂ ਸਕਦੇ ਨਾ ਕੋਈ ਉਮੀਦ ਕਰਦੇ ਹਾ, ਇਸ ਲਈ ਮੀਰੀ ਪੀਰੀ ਦੇ ਮਾਲਕ ਧੰਨ ਗੁਰੂ ਹਰਗੋਬਿੰਦ ਸਾਹਿਬ ਸਤਿਗੁਰੂ ਸੱਚੇ ਪਾਤਸ਼ਾਹ ਅੱਗੇ ਹੀ ਅਰਦਾਸ ਹੈ ਕਿ ਤੁਹਾਨੂੰ ਇਨਸਾਫ਼ ਕਰਨ ਦਾ ਬਲ ਬਖਸ਼ਣ । ਤਾਂ ਕਿ ਸ੍ਰੀ ਅਕਾਲ ਤਖਤ ਸਾਹਿਬ ਦਾ ਮਲਾਲ ਹਮੇਸ਼ਾ ਵਾਂਗ ਬੁਲੰਦ ਰਹੇ।

**ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਹਮੇਸ਼ਾ ਸਮਰਪਿਤ**
**ਛੇਵੇ ਪਾਤਸ਼ਾਹ ਦੇ ਦਰ ਦਾ ਕੂਕਰ**
**ਪੰਥ ਦਾ ਨਿਮਾਣਾ ਦਾਸ**
**ਗਿਆਨੀ ਹਰਪ੍ਰੀਤ ਸਿੰਘ**

## ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਨੇ

# ਕਿਸਾਨੀ ਮੁਸ਼ਕਲਾਂ ਨੂੰ ਲੈ ਕੇ ਪ੍ਰਸ਼ਾਸਨ ਖ਼ਿਲਾਫ਼ ਖੋਲ੍ਹਿਆ ਮੋਰਚਾ



ਫ਼ਿਰੋਜ਼ਪੁਰ, 1 ਅਕਤੂਬਰ (ਮਨੋਹਰ ਲਾਲ) :— ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਜ਼ੀਰਾ ਦੀ ਅਗਵਾਈ ਹੇਠ ਸਤਲੁਜ ਪ੍ਰੈਸ ਕਲੱਬ ਫ਼ਿਰੋਜ਼ਪੁਰ ਵਿਖੇ ਮਹੱਤਵਪੂਰਨ ਕਾਨਫਰੰਸ ਕੀਤੀ ਗਈ, ਜਿਸ ਵਿਚ ਕਿਸਾਨਾਂ ਨੂੰ ਆ ਰਹੀਆਂ ਦਰਪੇਸ਼ ਗੰਭੀਰ ਸਮੱਸਿਆਵਾਂ, ਖਾਦ ਦੀ ਕਾਲਾਬਾਜ਼ਾਰੀ, ਚੋਰੀਆਂ ਦੀਆਂ ਵਧਦੀਆਂ ਘਟਨਾਵਾਂ ਅਤੇ ਸਰਕਾਰੀ ਨੀਤੀਆਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਯੂਨੀਅਨ ਵੱਲੋਂ ਵੱਖ—ਵੱਖ ਅਹਿਮ ਮੰਗਾਂ ਨੂੰ ਲੈ ਕੇ ਇੱਕ ਮੰਗ ਪੱਤਰ ਜਾਰੀ ਕੀਤਾ ਗਿਆ।

ਇਸ ਮੌਕੇ ਬੋਲਦਿਆਂ ਕਿਸਾਨ ਆਗੂਆਂ ਨੇ ਕਿਹਾ ਪਿੰਡ ਭਾਂਗਰ, ਸਾਦੇ ਹਾਸ਼ਮ ਅਤੇ ਹੋਰਨਾਂ ਇਲਾਕਿਆਂ ਵਿੱਚ ਖੇਤਾਂ ਚੋਂ ਤਾਰਾਂ ਅਤੇ ਮੀਟਰ ਚੋਰੀ ਕਰਨ ਵਾਲੇ ਚੋਰਾਂ ਤੇ ਕਬਾੜੀਆਂ ਬਾਰੇ ਪੁਲਿਸ ਨੂੰ ਜਾਣਕਾਰੀ ਦੇਣ ਦੇ ਬਾਵਜੂਦ ਬਣਦੀ ਕਾਰਵਾਈ ਨਹੀਂ ਕੀਤੀ ਜਾ ਰਹੀ। ਯੂਨੀਅਨ ਨੇ ਚੋਰੀ ਦਾ ਮਾਲ ਖਰੀਦਣ ਵਾਲੇ ਕਬਾੜੀਆਂ ਤੇ ਤੁਰੰਤ ਸਖ਼ਤ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਫ਼ਿਰੋਜ਼ਪੁਰ ਜ਼ਿਲ੍ਹੇ ਵਿੱਚ ਖਾਦ ਦੀ ਵੱਡੇ ਪੱਧਰ ਤੇ ਹੋ ਰਹੀ ਕਾਲਾਬਾਜ਼ਾਰੀ ਨੂੰ ਰੋਕਣ ਲਈ ਛਾਪੇਮਾਰੀ ਕੀਤੀ ਜਾਵੇ ਅਤੇ ਗੋਲਡ ਸਚਦੇਵਾ ਟਰੇਡਰਜ਼ ਅਤੇ ਜੈਸਮੀਨ ਪੈਸਟੀਸਾਈਡਜ਼ ਖ਼ਿਲਾਫ਼ ਸ਼ਿਕਾਇਤਾਂ ਦੇ ਮੱਦੇਨਜ਼ਰ ਇਨ੍ਹਾਂ ਦੇ ਲਾਇਸੈਂਸ ਰੱਦ ਕਰਨ ਦੀ ਮੰਗ ਕੀਤੀ ਗਈ। ਉਨ੍ਹਾਂ ਕਿਹਾ ਕਿ ਪਰਾਲੀ ਦੇ ਮੁੱਦੇ ਤੇ ਕਿਸਾਨਾਂ ਨੂੰ ਧਮਕੀਆਂ ਦੇਣੀਆਂ ਅਤੇ ਪਰਚੇ ਦਰਜ ਕਰਨ ਦੀ ਪ੍ਰਕਿਰਿਆ ਬੰਦ ਕੀਤੀ ਜਾਵੇ, ਸਰਕਾਰ ਕਿਸਾਨਾਂ ਨੂੰ 2500 ਰੁਪਏ ਪ੍ਰਤੀ ਏਕੜ ਮੁਆਵਜ਼ਾ ਜਾਂ ਲੋੜੀਂਦੀ ਮਸ਼ੀਨਰੀ ਮੁਹੱਈਆ ਕਰਵਾਏ। ਉਨ੍ਹਾਂ ਕਿਹਾ ਕਿ ਬਾਸਮਤੀ ਝੋਨੇ ਦੀ ਲੁੱਟ ਰੋਕਣ ਲਈ ਸਰਕਾਰ ਵੱਲੋਂ ਘੱਟੋ—ਘੱਟ ਸਮਰਥਨ ਮੁੱਲ ਤੇ ਖ਼ਰੀਦ ਕੀਤੀ ਜਾਵੇ। ਚਿੱਪ ਵਾਲੇ ਸਮਾਰਟ ਮੀਟਰ ਲਗਾਉਣੇ ਬੰਦ ਕੀਤੇ ਜਾਣ ਅਤੇ ਜਿਨ੍ਹਾਂ ਖਪਤਕਾਰਾਂ ਦੇ ਮੀਟਰ ਉਤਾਰੇ ਗਏ ਹਨ, ਉਨ੍ਹਾਂ ਨੂੰ ਆਰਜ਼ੀ ਬਿਜਲੀ ਸਪਲਾਈ ਦਿੱਤੀ ਜਾਵੇ। ਉਨ੍ਹਾਂ ਕਿਹਾ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਸਬਸਿਡੀ ਤੇ ਸੋਲਰ ਸਿਸਟਮ ਦਿੱਤੇ ਜਾਣ। ਕਿਸਾਨਾਂ ਦੀਆਂ ਹੋਰ ਮੰਗਾਂ ਵਿਚ ਦਰਿਆਵਾਂ ਦੀ ਸਫ਼ਾਈ ਕਰਵਾਈ ਜਾਵੇ ਤਾਂ ਜੋ ਹੜ੍ਹਾਂ ਦਾ ਪਾਣੀ ਫ਼ਸਲਾਂ ਨੂੰ ਬਰਬਾਦ ਨਾ ਕਰੇ। ਇਸ ਤੋਂ ਇਲਾਵਾ ਕਿਸਾਨਾਂ ਨਾਲ ਹੋਈਆਂ ਠੱਗੀਆਂ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਕਾਰਵਾਈ ਦੀ ਮੰਗ ਵੀ ਕੀਤੀ ਗਈ। ਇਸ ਮੌਕੇ ਸੂਬਾ ਪ੍ਰਧਾਨ ਬਲਦੇਵ ਸਿੰਘ ਜ਼ੀਰਾ ਦੇ ਨਾਲ ਅਵਤਾਰ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ, ਸੁਖਵਿੰਦਰ ਸਿੰਘ ਅਲੀਪੁਰ ਸੀਨੀਅਰ ਮੀਤ ਪ੍ਰਧਾਨ, ਬੋਹੜ ਸਿੰਘ ਧੀਰਾ ਘਾਰਾ ਬਲਾਕ ਪ੍ਰਧਾਨ ਮੱਲਾਂਵਾਲਾ, ਲਖਬੀਰ ਸਿੰਘ ਲਹਿਰਾ ਸਮੇਤ ਹੋਰ ਕਈ ਪ੍ਰਮੁੱਖ ਕਿਸਾਨ ਆਗੂ ਅਤੇ ਵਰਕਰ ਹਾਜ਼ਰ ਸਨ।

ਕਿਸਾਨ ਆਗੂਆਂ ਨੇ ਕਿਹਾ ਕਿ ਜਿਹੜੇ ਹਥਿਆਰਾਂ ਦੇ ਲਾਇਸੈਸਾ ਦੀ ਪੁਲਿਸ ਇਨਕੁਆਇਰੀ ਹੋ ਚੁੱਕੀ ਹੈ ਉਹ ਫਾਈਲਾਂ ਏਡੀਸੀ ਸਾਹਿਬ ਕੋਲ ਹਨ ਉਨ੍ਹਾਂ ਦੀ ਕਾਰਵਾਈ ਪੂਰੀ ਕਰਕੇ ਲਾਇਸੈਂਸ ਜਾਰੀ ਕੀਤੇ ਜਾਣ। ਉਨ੍ਹਾਂ ਕਿਹਾ ਕਿ ਹੜ ਪ੍ਰਭਾਵਿਤ ਕਿਸਾਨਾਂ ਨੂੰ ਸਬਸਿਡੀ ਤੇ ਸੋਲਰ ਸਿਸਟਮ ਦਿੱਤੇ ਜਾਣ ਤਾਂ ਜੋ ਬਿਜਲੀ ਦੀ ਸਮੱਸਿਆ ਦਾ ਹੱਲ ਹੋ ਸਕੇ, ਠੱਗ ਏਜੰਟਾਂ ਵੱਲੋਂ ਅਲੀਪੁਰ ਜੀਰਾ ਦੇ ਕਿਸਾਨ ਸੁਖਵਿੰਦਰ ਸਿੰਘ ਨਾਲ ਮਾਰੀ ਲੱਖਾਂ ਰੁਪਏ ਦੀ ਠੱਗੀ ਲਈ ਏਜੰਟ ਤੇ ਸਖਤ ਕਾਰਵਾਈ ਕੀਤੀ ਜਾਵੇ ਤੇ ਕਿਸਾਨ ਨੂੰ ਇਨਸਾਫ ਦਵਾਇਆ ਜਾਵੇ। ਪਿੰਡ ਮਨਸੂਰਵਾਲਾ ਵਿੱਚ ਵਿਅਕਤੀ ਦੇ ਹੋਏ ਕਤਲ ਵਿੱਚ ਦੋਸ਼ੀਆਂ ਨੂੰ ਫੋਰੀ ਗਿਰਫਤਾਰ ਕੀਤਾ ਜਾਵੇ ਤੇ ਹੋਰਨਾਂ ਕੇਸਾਂ ਵਿੱਚ ਪੁਲਿਸ ਦੀ ਢਿੱਲੀ ਕਾਰਵਾਈ ਦੀ ਜਾਂਚ ਕੀਤੀ ਜਾਵੇ ਅਤੇ ਲੈਂਡਮਾਰਕ ਬੈਂਕ ਦੇ ਕੋਪਰੇਟ ਬੈਂਕ ਨੂੰ ਵਨ ਟਾਈਮ ਮੀਟਿੰਗ ਦੇ ਘੇਰੇ ਵਿੱਚ ਲਿਆਂਦਾ ਜਾਵੇ ਤਾਂ ਜੋ ਡਿਫਾਲਟਰ ਕੇਸਾਂ ਦਾ ਨਿਬੇੜਾ ਹੋ ਸਕੇ।

# ਪਦਮ ਪੁਰਸਕਾਰ ਪ੍ਰਕਿਰਿਆ ਚ ਪਾਰਦਰਸ਼ਤਾ ਤੇ ਨਿਰਪੱਖ ਜਾਂਚ ਦੀ ਮੰਗ, ਸਮਾਜ ਸੇਵੀ ਪ੍ਰਕਾਸ਼ ਚੰਦ ਕੁਮਾਰ ਨੇ ਕੇਂਦਰ ਸਰਕਾਰ ਨੂੰ ਭੇਜੀ ਪ੍ਰਤੀਬੇਨਤੀ

**ਫ਼ਿਰੋਜ਼ਪੁਰ, 01 ਅਕਤੂਬਰ (ਮਨੋਹਰ ਲਾਲ)** :— ਪੰਜਾਬ ਦੇ ਸੀਨੀਅਰ ਨਾਗਰਿਕ ਅਤੇ ਲੰਮੇ ਸਮੇਂ ਤੋਂ ਸਮਾਜ ਸੇਵਾ ਵਿੱਚ ਸਰਗਰਮ ਸਮਾਜ ਸੁਧਾਰਕ ਪ੍ਰਕਾਸ਼ ਚੰਦ ਕੁਮਾਰ ਨੇ ਪਦਮ ਪੁਰਸਕਾਰਾਂ ਦੀ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ, ਨਿਰਪੱਖਤਾ ਅਤੇ ਸਮੇਂ ਸਿਰ ਕਾਰਵਾਈ ਲਈ ਕੇਂਦਰੀ ਗ੍ਰਹਿ ਮੰਤਰਾਲੇ ਅਤੇ ਪਦਮ ਐਵਾਰਡ ਸੈੱਲ ਨੂੰ ਇੱਕ ਅਹਿਮ ਪ੍ਰਤੀਬੇਨਤੀ ਭੇਜੀ ਹੈ। ਗੱਲਬਾਤ ਕਰਦਿਆਂ ਪ੍ਰਕਾਸ਼ ਚੰਦ ਕੁਮਾਰ ਨੇ ਦੱਸਿਆ ਕਿ ਉਹ ਸਾਲ 2013 ਤੋਂ ਲੈ ਕੇ ਹੁਣ ਤੱਕ ਆਪਣੇ ਸਮਾਜਿਕ ਕਾਰਜਾਂ ਅਤੇ ਲੋਕ ਸੇਵਾ ਦੇ ਆਧਾਰ ਤੇ ਰਾਸ਼ਟਰੀ ਪੱਧਰ ਦੇ ਸਨਮਾਨ ਲਈ ਲਗਾਤਾਰ ਪ੍ਰਤੀਬੇਨਤੀਆਂ ਤੇ ਸਬੰਧਤ ਦਸਤਾਵੇਜ਼ ਜਮ੍ਹਾਂ ਕਰਵਾਉਂਦੇ ਆ ਰਹੇ ਹਨ, ਪ੍ਰੰਤੂ ਪ੍ਰਸ਼ਾਸਨਿਕ ਪੱਧਰ ਤੇ ਅਰਜ਼ੀਆਂ ਨੂੰ ਲੰਮੇ ਸਮੇਂ ਤੱਕ ਲਟਕਾ ਕੇ ਰੱਖਣ ਕਾਰਨ ਅਸਲ ਸਮਾਜ ਸੇਵੀਆਂ ਨੂੰ ਯੋਗ ਮਾਨਤਾ ਨਹੀਂ ਮਿਲ ਰਹੀ। ਉਨ੍ਹਾਂ ਨੇ ਮੁੱਖ ਮੁੱਦਾ ਚੁੱਕਦਿਆਂ ਕਿਹਾ ਕਿ ਪਦਮ ਪੁਰਸਕਾਰਾਂ ਲਈ ਔਨਲਾਈਨ ਪ੍ਰਣਾਲੀ ਦੇ ਨਾਲ ਅਲੱਗ ਪ੍ਰਸ਼ਾਸਨਿਕ ਚੈਨਲਾਂ ਰਾਹੀਂ ਜਮ੍ਹਾਂ ਕਰਵਾਈਆਂ ਗਈਆਂ ਫਾਈਲਾਂ ਦਾ ਸਹੀ ਲਿੰਕ ਜਾਂ ਤਾਲਮੇਲ ਨਹੀਂ ਬਣਾਇਆ ਜਾਂਦਾ। ਇਸ ਕਾਰਨ ਬਿਨੈਕਾਰਾਂ ਨੂੰ ਇਹ ਵੀ ਪਤਾ ਨਹੀਂ ਲੱਗਦਾ ਕਿ ਉਨ੍ਹਾਂ ਦੀ ਅਰਜ਼ੀ ਜ਼ਿਲ੍ਹਾ, ਸਬ ਡਿਵੀਜ਼ਨ ਜਾਂ ਰਾਜ ਪੱਧਰ ਤੇ ਪ੍ਰਾਪਤ, ਵੈਰੀਫਾਈ, ਸਿਫਾਰਸ਼ ਜਾਂ ਰੱਦ ਹੋਈ ਹੈ ਜਾਂ ਬਿਨਾਂ ਕਿਸੇ ਲਿਖਤੀ ਫੈਸਲੇ ਦੇ ਪੈਂਡਿੰਗ ਰੱਖੀ ਗਈ ਹੈ। ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਸਾਲ 2013 ਤੋਂ ਲੈ ਕੇ ਹੁਣ ਤੱਕ ਜਮ੍ਹਾਂ ਹੋਈਆਂ ਸਾਰੀਆਂ ਅਰਜ਼ੀਆਂ ਦੀ ਜਾਂਚ ਕੀਤੀ ਜਾਵੇ ਕਿ ਉਹ ਅੱਗੇ ਭੇਜੀਆਂ ਗਈਆਂ ਸਨ ਜਾਂ ਨਹੀਂ। ਉਨ੍ਹਾਂ ਸਪੱਸ਼ਟ ਕੀਤਾ ਕਿ ਪਹਿਲਾਂ ਰਾਜ ਪੱਧਰੀ ਪੁਰਸਕਾਰ ਮਿਲਣ ਦਾ ਮਤਲਬ ਇਹ ਨਹੀਂ ਹੋਣਾ ਚਾਹੀਦਾ ਕਿ ਵਿਅਕਤੀ ਨੂੰ ਰਾਸ਼ਟਰੀ ਪੁਰਸਕਾਰ ਲਈ ਅਯੋਗ ਕਰ ਦਿੱਤਾ ਜਾਵੇ, ਜਦੋਂ ਤੱਕ ਕੋਈ ਖਾਸ ਨਿਯਮ ਅਜਿਹਾ ਨਾ ਕਹਿੰਦਾ ਹੋਵੇ। ਉਨ੍ਹਾਂ ਕਿਹਾ ਜੇਕਰ ਕਿਸੇ ਅਰਜ਼ੀ ਨੂੰ ਅੱਗੇ ਨਹੀਂ ਭੇਜਿਆ ਗਿਆ ਤਾਂ ਉਸ ਦੇ ਕਾਰਨ, ਤਾਰੀਖ਼ਾਂ ਅਤੇ ਜ਼ਿੰਮੇਵਾਰ ਦਫ਼ਤਰ ਦੀ ਜਾਣਕਾਰੀ ਜਨਤਕ ਕੀਤੀ ਜਾਵੇ। ਪ੍ਰਕਾਸ਼ ਚੰਦ ਕੁਮਾਰ ਨੇ ਮੰਗ ਕੀਤੀ ਕਿ ਯੋਗ ਸਮਾਜ ਸੇਵੀਆਂ ਦੇ ਯੋਗਦਾਨ, ਪ੍ਰਭਾਵ ਅਤੇ ਸੇਵਾ ਦੇ ਸਮੇਂ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਪਾਰਦਰਸ਼ੀ ਅਤੇ ਨਿਰਪੱਖ ਪ੍ਰਕਿਰਿਆ ਅਪਣਾਈ ਜਾਵੇ।



# ਸੀਨੀਅਰ ਨਾਗਰਿਕਾਂ ਦੀ ਭਲਾਈ ਲਈ ਜ਼ਿਲ੍ਹੇ 'ਚ ਵਿਆਪਕ ਪੱਧਰ 'ਤੇ ਗਤੀਵਿਧੀਆਂ ਕਰਵਾਈਆਂ ਜਾਣਗੀਆਂ: ਰਾਕੇਸ਼ ਕੁਮਾਰ ਮੀਣਾ

**ਹੁਸ਼ਿਆਰਪੁਰ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਟਲ ਵਯੋ ਅਭਿਉਦਯ ਯੋਜਨਾ ਅਧੀਨ ਜ਼ਿਲ੍ਹੇ ਵਿੱਚ ਸੀਨੀਅਰ ਨਾਗਰਿਕਾਂ ਦੀ ਭਲਾਈ, ਸਿਹਤ ਸੰਭਾਲ, ਆਰਥਿਕ ਸਸ਼ਕਤੀਕਰਨ ਅਤੇ ਜਾਗਰੂਕਤਾ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਕਰਵਾਉਣ ਸਬੰਧੀ ਰੂਪ-ਰੇਖਾ ਤਿਆਰ ਕਰਨ ਲਈ ਮੀਟਿੰਗ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਾਕੇਸ਼ ਕੁਮਾਰ ਮੀਣਾ ਦੀ ਪ੍ਰਧਾਨਗੀ ਹੇਠ ਕਰਵਾਈ ਗਈ। ਮੀਟਿੰਗ ਵਿੱਚ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਰੇਸ਼ ਕੁਮਾਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਕਾਰਜਕਾਰੀ ਏਜੰਸੀਆਂ ਦੇ ਨੁਮਾਇੰਦੇ ਅਤੇ ਸਵੈ-ਸੇਵੀ ਸੰਸਥਾਵਾਂ ਦੇ ਨੁਮਾਇੰਦੇ ਮੌਜੂਦ ਸਨ।

ਮੀਟਿੰਗ ਦੌਰਾਨ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨੇ ਦੱਸਿਆ ਕਿ ਸਮਾਜਿਕ ਸੁਰੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਵੱਲੋਂ ਸੀਨੀਅਰ ਨਾਗਰਿਕਾਂ ਨੂੰ ਬਿਹਤਰ ਸਿਹਤ ਅਤੇ ਮੈਡੀਕਲ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਵੱਖ-ਵੱਖ ਆਰਥਿਕ ਅਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜਨ ਦੇ ਉਦੇਸ਼ ਨਾਲ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਜਾਣੀਆਂ ਹਨ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)


ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404